ਉਸ ਸਮੇਂ ਆਪ ਕਾਰਸੇਵਾ ਦੇ ਖੇਤਰ ਦੀ ਉੱਘੀ ਹਸਤੀ ਬਾਬਾ ਗੁਰਮੁੱਖ ਸਿੰਘ ਕਾਰਸੇਵਾ ਵਾਲਿਆਂ ਦੀ ਅਗਵਾਈ ਵਿੱਚ ਪੰਚਮ ਪਾਤਸ਼ਾਹ ਸ੍ਰੀ ਗੁਰੂ ਅਰਜਨ ਦੇਵ ਜੀ ਦੇ ਯਾਦਗਾਰੀ ਸ਼ਹੀਦੀ ਅਸਥਾਨ ਗੁਰਦੁਆਰਾ ਡੇਹਰਾ ਸਾਹਿਬ ਲਾਹੌਰ ਦੀ ਕਾਰਸੇਵਾ ਵਿੱਚ ਜੁੱਟੇ ਹੋਏ ਸਨ । ਇਸੇ ਦੌਰਾਨ ਇਕ ਦਿਨ ਲਾਹੌਰ ਵਿਖੇ ਕਾਬਲ (ਅਫ਼ਗਾਨਿਸਤਾਨ) ਤੋਂ ਇਕ ਜਥਾ ਦਰਸ਼ਨਾਂ ਲਈ ਆਇਆ । ਉਦੋਂ ਅਫ਼ਗਾਨਿਸਤਾਨ ਦੇ ਸਿੰਘਾਂ ਦੀ ਸ਼ਰਧਾ ਤੇ ਪਿਆਰ ਵੇਖ ਕੇ ਉਨ੍ਹਾਂ ਨਾਲ ਸੇਵਾ ਦੇ ਪ੍ਰਥਾਇ ਵਿਚਾਰ ਕਰ ਰਹੇ ਸਨ ਤਾਂ ਉਸ ਆਈ ਹੋਈ ਸੰਗਤ ਨੇ ਬੀੜ ਬਾਬਾ ਬੁੱਢਾ ਸਾਹਿਬ ਦੀ ਨਵ-ਉਸਾਰੀ ਲਈ ਬੇਨਤੀ ਕੀਤੀ । ਬਾਬਾ ਗੁਰਮੁੱਖ ਸਿੰਘ ਨੇ ਬਾਬਾ ਖੜਕ ਸਿੰਘ ਨੂੰ ਇਕ ਜ਼ਿੰਮੇਵਾਰ ਕਾਰ-ਸੇਵਕ ਵਜੋਂ ਬੀੜ ਬਾਬਾ ਬੁੱਢਾ ਸਾਹਿਬ ਜੀ ਦੇ ਅਸਥਾਨ ਦੀ ਸੇਵਾ ਸੌਂਪ ਦਿੱਤੀ । ਬਾਬਾ ਜੀ ਲਾਹੌਰ ਤੋਂ ਸੀਮਤ ਜਿਹਾ ਉਸਾਰੀ ਦਾ ਸਮਾਨ ਲੈ ਕੇ ਬੀੜ ਬਾਬਾ ਬੁੱਢਾ ਸਾਹਿਬ ਪਹੁੰਚ ਗਏ । ਇਥੇ ਪੁੱਜਦਿਆਂ ਹੀ ਸਭ ਤੋਂ ਪਹਿਲਾਂ ਪਾਵਨ-ਸਰੋਵਰ ਅਤੇ ਇਸ ਤੋਂ ਪਿੱਛੋਂ ਗੁਰਦੁਆਰਾ ਸਾਹਿਬ ਦੇ ਨਵ-ਨਿਰਮਾਣ ਦੀ ਸੇਵਾ ਸ਼ੁਰੂ ਕੀਤੀ । ਇਸ ਕਾਰਸੇਵਾ ਤੋਂ ਇਲਾਵਾ ਸਚਖੰਡ ਸ੍ਰੀ ਹਰਿਮੰਦਰ ਸਾਹਿਬ ਸ੍ਰੀ ਅੰਮ੍ਰਿਤਸਰ ਸਾਹਿਬ ਦੇ ਮੌਜੂਦਾ ਆਧੁਨਿਕ ਲੰਗਰ ਦੀ ਇਮਾਰਤ ਦੀ ਸੇਵਾ ਨੂੰ ਪ੍ਰਮੁੱਖ ਫਰਜ਼ ਸਮਝਦੇ ਨਿਭਾਇਆ । ਇਸ ਸੇਵਾ ਤੋਂ ਪਿੱਛੋਂ ਧੰਨ ਗੁਰੂ ਰਾਮਦਾਸ ਜੀ ਦੇ ਪਾਵਨ ਅੰਮ੍ਰਿਤ ਸਰੋਵਰ ਲਈ ਪੁਰਾਤਨ ਹੰਸਲੀ ਦੇ ਨਵ-ਨਿਰਮਾਣ ਲਈ ਜਲ ਲਿਆਉਣ ਦੀ ਸੇਵਾ ਨੂੰ ਵੀ ਬੜੀ ਸ਼ਰਧਾ ਤੇ ਉਤਸ਼ਾਹ ਨਾਲ ਸੰਪੂਰਨ ਕੀਤਾ ।

ਸ੍ਰੀ ਗੋਇੰਦਵਾਲ ਸਾਹਿਬ ਦੇ ਨੇੜੇ ਬਿਆਸ ਦਰਿਆ ਉੱਪਰ ਬਣ ਰਹੇ ਪੁੱਲ ਦੀ ਉਸਾਰੀ ਲਈ ਵੀ ਯੋਗਦਾਨ ਪਾਇਆ । ਇਨ੍ਹਾਂ ਸੇਵਾਵਾਂ ਤੋਂ ਇਲਾਵਾ ਬੀੜ ਸਾਹਿਬ ਦੇ ਇਲਾਕੇ ਵਿੱਚ ਸਿੱਖਿਆ ਦੇ ਪ੍ਰਚਾਰ ਤੇ ਪ੍ਰਸਾਰ ਲਈ ਵੱਡੇ ਯਤਨਾਂ ਨੂੰ ਸਫ਼ਲਤਾ ਨਾਲ ਸਿਰੇ ਚਾੜ੍ਹਿਆ । ਬਾਬਾ ਬੁੱਢਾ ਸਾਹਿਬ ਕਾਲਜ, ਬਾਬਾ ਬੁੱਢਾ ਸਾਹਿਬ ਸੀਨੀਅਰ ਸੈਕੰਡਰੀ ਸਕੂਲ ਅਤੇ ਪਬਲਿਕ ਸਕੂਲ ਆਪ ਜੀ ਦੀ ਵਿੱਦਿਅਕ ਸੇਵਾਵਾਂ ਪ੍ਰਤੀ ਲਗਨ ਦੇ ਪ੍ਰਤੱਖ ਸਬੂਤ ਹਨ । ਸਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ 1984 ਈ: ਵਿੱਚ ਵਾਪਰੇ ਕਤਲਾਮ ਅਤੇ ਘੱਲੂਘਾਰੇ ਨੇ ਆਪ ਨੂੰ ਧੁਰ-ਅੰਦਰੋਂ ਹਿਲਾ ਕੇ ਰੱਖ ਦਿੱਤਾ । ਇਸ ਘੱਲੂਘਾਰੇ ਦਾ ਉਨ੍ਹਾਂ ਦੀ ਅੰਤਰ-ਆਤਮਾ 'ਤੇ ਗਹਿਰਾ ਅਸਰ ਹੋਇਆ । ਘੱਲੂਘਾਰੇ ਤੋਂ ਦੋ ਕੁ ਸਾਲ ਪਿੱਛੋਂ 30 ਮਈ, 1986 ਈ: ਨੂੰ ਸਰੀਰ ਕਰਕੇ ਕੁਝ ਸਮਾਂ ਢਿੱਲੇ ਹੋਣ ਪਿੱਛੋਂ ਆਪਣੇ ਪੰਚ-ਭੂਤਕ ਸਰੀਰ ਨੂੰ ਛੱਡ ਕੇ ਸਚਖੰਡ ਜਾ ਬਿਰਾਜੇ । ਉਨ੍ਹਾਂ ਤੋਂ ਪਿੱਛੋਂ ਇਨ੍ਹਾਂ ਕਾਰਸੇਵਾਵਾਂ ਨੂੰ ਬਾਬਾ ਦਰਸ਼ਨ ਸਿੰਘ ਬਾਖੂਬੀ ਨਿਭਾਉਂਦੇ ਰਹੇ । ਮੌਜੂਦਾ ਸਮੇਂ ਇਨ੍ਹਾਂ ਸੇਵਾਵਾਂ ਨੂੰ ਬਾਬਾ ਸੰਤੋਖ ਸਿੰਘ ਪੂਰੀ ਤਨ-ਦੇਹੀ ਨਾਲ ਸਰ-ਅੰਜ਼ਾਮ ਦੇ ਰਹੇ ਹਨ । ਬਾਬਾ ਖੜਕ ਸਿੰਘ ਅਤੇ ਬਾਬਾ ਦਰਸ਼ਨ ਸਿੰਘ ਦੀ ਯਾਦ ਵਿੱਚ ਮਹਾਨ ਗੁਰਮਤਿ ਸਮਾਗਮ ਹੋ ਰਹੇ ਹਨ। ••

## ਸੁਪਰੀਮ ਇੰਟਰਨੈਸ਼ਨਲ ਸਕੂਲ ਮਹਿਲ ਕਲਾਂ ਦੇ ਵਿਦਿਆਰਥੀਆਂ ਵੱਲੋਂ ਬਲੂ ਆਈਜ਼ (ਮੋਗਾ) ਦਾ ਲਗਾਇਆ ਟੂਰ



ਮਹਿਲ ਕਲਾਂ / ਬਰਨਾਲਾ - (ਵਰਿਆਮ ਹਠੂਰ) ਇਲਾਕੇ ਦੇ ਪ੍ਰਸਿੱਧ ਵਿੱਦਿਅਕ ਸੰਸਥਾ ਸੁਪਰੀਮ ਇੰਟਰਨੈਸ਼ਨਲ ਸਕੂਲ ਮਹਿਲ ਕਲਾਂ (ਬਰਨਾਲਾ ) ਵੱਲੋਂ ਬੱਚਿਆਂ ਦੇ ਸਰਬ ਪੱਖੀ ਵਿਕਾਸ ਲਈ ਡਾਇਰੈਕਟਰ ਮੋਹਨੀਸ਼ ਮਿਸ਼ਾ ਜੀ ਅਤੇ ਸਕੂਲ ਸਟਾਫ਼ ਦੀ ਖ਼ਾਸ ਦੇਖ ਰੇਖ ਹੇਠਾਂ ਇੱਕ ਬਲੂ ਆਈਜ਼ ਵਾਟਰ ਪਾਰਕ ( ਮੋਗਾ) ਦੀ ਯਾਤਰਾ ਕਰਵਾਈ ਗਈ। ਸਤਿਕਾਰਯੋਗ ਡਾਇਰੈਕਟਰ ਮੋਹਨੀਸ਼ ਮਿਸ਼ਾ ਜੀ ਦੇ ਨਾਲ਼ ਵਿਦਿਆਰਥੀ ਸਕੂਲ ਤੋਂ ਰਵਾਨਾ ਹੋਏ ਤੇ ਇਸ ਮੌਕੇ ਉਹਨਾਂ ਨੇ ਕਿਹਾ ਕਿ ਬੱਚਿਆਂ ਦੇ ਮਾਨਸਿਕ ਅਤੇ ਸਰੀਰਕ ਵਿਕਾਸ ਲਈ ਵਿੱਦਿਆ ਦੇ ਨਾਲ -ਨਾਲ ਮਨੋਰੰਜਨ ਸਰਗਰਮੀਆਂ ਦਾ ਹੋਣਾ ਵੀ ਜ਼ਰੂਰੀ ਹੈ ਤੇ ਬੱਚੇ ਇਸ ਟੂਰ ਲਈ ਬਹੁਤ ਉਤਸਾਹਿਤ ਸਨ। ਬੱਚਿਆਂ ਦੇ ਚਿਹਰਿਆਂ ਤੇ ਖ਼ੁਸ਼ੀ ਦੀਆਂ ਛੱਲਾਂ ਵੱਜਦੀਆਂ ਸਾਫ਼ ਦਿਖਾਈ ਦੇ ਰਹੀਆਂ ਸਨ। ਇਸ ਯਾਤਰਾ ਦੌਰਾਨ ਵਿਦਿਆਰਥੀਆਂ ਨੇ ਬਹੁਤ ਆਨੰਦ ਮਾਣਿਆ ਪਾਣੀ ਵਿੱਚ ਡੁੱਬਕੀਆਂ ਲਗਾਉਂਦੇ ਬੱਚਿਆਂ ਦੀ ਖੁਸ਼ੀ ਦੇਖਣ ਯੋਗ ਸੀ। ਜਿਸ ਦੀਆਂ ਸਕੂਲ ਸਟਾਫ ਵੱਲੋਂ ਯਾਦਗਾਰੀ ਤਸਵੀਰਾਂ ਵੀ ਲਈਆਂ ਗਈਆਂ। ਸਕੂਲ ਸਟਾਫ ਦੀ ਖਾ.ਸ ਦੇਖ - ਰੇਖ ਵਿੱਚ ਬੱਚਿਆਂ ਦੀ ਸਕੂਲ ਵਾਪਸੀ ਕਰਵਾਈ ਗਈ ਅਤੇ ਜਦੋਂ ਬੱਚੇ ਵਾਪਸ ਸੁਪਰੀਮ ਇੰਟਰਨੈਸ਼ਨਲ ਸਕੂਲ ਮਹਿਲ ਕਲਾਂ ਵਿਖੇ ਪਹੁੰਚੇ ਤਾਂ ਉਹ ਬਹੁਤ ਖੁਸ਼ ਸਨ ਅਤੇ ਉਹਨਾਂ ਨੇ ਆਪਣੀ ਖੁਸ਼ੀ ਨੂੰ ਸਭ ਨਾਲ ਸਾਂਝਾ ਕੀਤਾ। ਮਾਪਿਆਂ ਨੇ ਵੀ ਸਕੂਲ ਦੌਰੇ ਦੀ ਭਰਪੂਰ ਸ਼ਲਾਘਾ ਕੀਤੀ। ਸਕੂਲ ਦੇ ਡਾਇਰੈਕਟਰ ਮੋਹਨੀਸ਼ ਮਿਸ਼ਾ ਜੀ ਨੇ ਕਿਹਾ ਕਿ ਸਕੂਲ ਵਿਦਿਆਰਥੀਆਂ ਦੇ ਸਰਬਪੱਖੀ ਵਿਕਾਸ ਲਈ ਹਮੇਸ਼ਾ ਮੋਹਰੀ ਰਹੇਗਾ ਅਤੇ ਉਹਨਾਂ ਨੇ ਭਰੋਸਾ ਵੀ ਦਿੱਤਾ ਕਿ ਭਵਿੱਖ ਵਿੱਚ ਵੀ ਅਜਿਹੀਆਂ ਸਰਗਰਮੀਆਂ ਜਾਰੀ ਰਹਿਣਗੀਆਂ।

## ਸੁਦੇਸ਼ ਵਾਟਿਕਾ ਕਾਨਵੈਂਟ ਸਕੂਲ ਭਾਗੀਵਾਂਦਰ ਦੇ ਬੱਚਿਆਂ ਨੇ ਪਾਰਟੀ ਪੂਲ 'ਚ ਕੀਤੀ ਖੂਬ ਮਸਤੀ





ਤਲਵੰਡੀ ਸਾਬੋ, 29 ਮਈ (ਗੁਰਜੰਟ ਸਿੰਘ ਨਥੇਹਾ)- ਸੁਦੇਸ਼ ਵਾਟਿਕਾ ਕਾਨਵੈਂਟ ਸਕੂਲ ਭਾਗੀਵਾਂਦਰ ਵਿਖੇ ਨੰਨੇ ਮੁੰਨੇ ਬੱਚਿਆਂ ਲਈ ਪਾਰਟੀ ਪੂਲ ਦਾ ਵਿਸ਼ੇਸ਼ ਆਯੋਜਨ ਕੀਤਾ ਗਿਆ। ਇਸ ਪਾਰਟੀ ਪੂਲ ਵਿੱਚ ਪ੍ਰੀ ਨਰਸਰੀ ਤੋਂ ਲੈ ਕੇ ਯੂ.ਕੇ.ਜੀ. ਕਲਾਸ ਤੱਕ ਦੇ ਵਿਦਿਆਰਥੀਆਂ ਨੇ ਹਿੱਸਾ ਲਿਆ। ਇਸ ਦੌਰਾਨ ਬੱਚਿਆਂ ਨੇ ਤੈਰਾਕੀ, ਪਾਣੀ ਵਾਲੀਆਂ ਖੇਡਾਂ ਅਤੇ ਮਨੋਰੰਜਕ ਗਤੀਵਿਧੀਆਂ ਵਿੱਚ ਭਾਗ ਲਿਆ। ਬੱਚਿਆਂ ਨੇ ਪਾਣੀ ਵਿੱਚ ਖੇਡਦੇ ਹੋਏ ਖੂਬ ਮਸਤੀ ਕੀਤੀ ਅਤੇ ਆਪਣੇ ਗਰਮੀ ਦੇ ਦਿਨਾਂ ਦਾ ਆਨੰਦ ਮਾਣਿਆ। ਪ੍ਰੋਗਰਾਮ ਦੌਰਾਨ ਸੁਰੱਖਿਆ ਅਤੇ ਸਫ਼ਾਈ ਦਾ ਵਿਸ਼ੇਸ਼ ਧਿਆਨ ਰੱਖਿਆ ਗਿਆ। ਬੱਚਿਆਂ ਦੀ ਦੇਖਭਾਲ ਲਈ ਅਧਿਆਪਕ ਅਤੇ ਆਂਟੀਆਂ ਵੀ ਮੌਜੂਦ ਰਹੇ। ਸਕੂਲ ਚੈਅਰਮੈਨ ਵਿਨੋਦ ਖੁਰਾਣਾ, ਸਕੂਲ ਪ੍ਰਧਾਨ ਲਗਨ ਖੁਰਾਣਾ ਅਤੇ ਸਕੂਲ ਪ੍ਰਿੰਸੀਪਲ ਮੀਨੂੰ ਗਰਗ ਦੀ ਨੇ ਕਿਹਾ ਕਿ ਅਜਿਹੀਆਂ ਗਤੀਵਿਧੀਆਂ ਬੱਚਿਆਂ ਨੂੰ ਖੁਸ਼ੀ ਦੇਣ ਦੇ ਨਾਲ-ਨਾਲ ਉਨ੍ਹਾਂ ਦੇ ਆਤਮ-ਵਿਸ਼ਵਾਸ ਅਤੇ ਸਮਾਜਿਕ ਹੁਨਰਾਂ ਨੂੰ ਵੀ ਵਿਕਸਤ ਕਰਦੀਆਂ ਹਨ। ਅੰਤ ਵਿੱਚ ਬੱਚਿਆਂ ਨੂੰ ਰਿਫਰੈਸ਼ਮੈਂਟ ਦਿੱਤੀ ਗਈ ਅਤੇ ਸਭ ਨੇ ਇਸ ਯਾਦਗਾਰ ਦਿਨ ਦਾ ਭਰਪੂਰ ਆਨੰਦ ਮਾਣਿਆ। ਇਸ ਮੌਕੇ ਜੂਨੀਅਰ ਕੋਆਰਡੀਨੇਟਰ ਕਿਰਨਦੀਪ ਕੌਰ, ਕੁਲਵਿੰਦਰ ਕੌਰ, ਜਸਪ੍ਰੀਤ ਕੌਰ, ਅੰਨੂ ਬਾਲਾ, ਗੁਰਦੀਪ ਕੌਰ ਅਤੇ ਰਿੰਪੀ ਆਦਿ ਅਧਿਆਪਕ ਹਾਜ਼ਰ ਸਨ।

## ਨਗਰ ਕੌਂਸਲ ਚੋਣਾਂ ਹਲਕਾ ਜੰਡਿਆਲਾ ਗੁਰੂ ਵਿੱਚ ਸ਼ਾਨਦਾਰ ਹੋਈ ਜਿੱਤ: ਸਰਪੰਚ ਲਖਵਿੰਦਰ ਸਿੰਘ ਰੰਧਾਵਾ ਜਲਾਲ ਉਸਮਾ

### ਸਰਪੰਚ ਲਖਵਿੰਦਰ ਸਿੰਘ ਰੰਧਾਵਾ ਜਲਾਲ ਉਸਮਾ ਨੇ ਕੈਬਨਿਟ ਮੰਤਰੀ ਨੂੰ ਦਿੱਤੀ ਵਧਾਈ



**ਚੌਕ ਮਹਿਤਾ,29ਮਈ ( ਬਾਬਾ ਸੁਖਵੰਤ ਸਿੰਘ ਚੰਨਣਕੇ )**- ਹਲਕਾ ਜੰਡਿਆਲਾ ਗੁਰੂ ਤੋਂ ਆਮ ਆਦਮੀ ਪਾਰਟੀ ਦੇ ਸੀਨੀਅਰ ਲੀਡਰ ਸਰਪੰਚ ਲਖਵਿੰਦਰ ਸਿੰਘ ਰੰਧਾਵਾ ਜਲਾਲ ਉਸਮਾ ਨੇ ਕੈਬਨਿਟ ਮੰਤਰੀ ਹਰਭਜਨ ਸਿੰਘ ਈ ਟੀ ਉ ਨੂੰ ਮੁਰਾਬਕਾ ਦੇਣ ਲਈ ਪਾਉਂਚੇ। ਇੱਕ ਜਾਰੀ ਬਿਆਨ ਵਿੱਚ ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕ ਮੌਜੂਦਾ ਸਰਕਾਰ ਦੀ ਅਤੇ ਕੈਬਨਿਟ ਮੰਤਰੀ ਹਰਭਜਨ ਸਿੰਘ ਈ ਟੀ ਉ ਕਾਰਗੁਜ਼ਾਰੀ ਤੋਂ ਬਹੁਤ ਖੁਸ਼ ਹਨ ਅਤੇ ਆਮ ਆਦਮੀ ਪਾਰਟੀ ਵੱਲ ਉਮੀਦ ਨਾਲ ਦੇਖ ਰਹੇ ਹਨ। ਸ, ਸਰਪੰਚ ਲਖਵਿੰਦਰ ਸਿੰਘ ਰੰਧਾਵਾ ਜਲਾਲ ਉਸਮਾ ਨੇ ਕਿਹਾ ਕਿ ਹਲਕਾ ਜੰਡਿਆਲਾ ਗੁਰੂ ਤੋਂ ਕੈਬਨਿਟ ਮੰਤਰੀ ਹਰਭਜਨ ਸਿੰਘ ਈ ਟੀ ਉ ਨੂੰ ਪਾਰਟੀ ਨੂੰ ਵੱਡਾ ਸਮਰਥਨ ਪ੍ਰਾਪਤ ਹੋਇਆ ਹੈ ਉਨ੍ਹਾਂ ਦਾਅਵਾ ਕੀਤਾ ਕਿ 2027 ਦੀਆਂ ਪੰਜਾਬ ਵਿਧਾਨ ਸਭਾ ਨਾ ਚੋਣਾਂ ਵਿੱਚ ਵੀ ਆਮ ਆਦਮੀ ਪਾਰਟੀ ਦੀ ਸਰਕਾਰ ਬਣੇਗੀ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਹਮੇਸ਼ਾ ਲੋਕ ਭਲਾਈ ਅਤੇ ਵਿਕਾਸ ਦੀ ਰਾਜਨੀਤੀ ਕਰਦੀ ਆਈ ਹੈ ਅਤੇ ਆਉਣ ਵਾਲੇ ਸਮੇਂ ਵਿੱਚ ਵੀ ਪੰਜਾਬ ਦੇ ਲੋਕ ਆਮ ਆਦਮੀ ਨੂੰ ਪੂਰਾ ਸਮਰਥਨ ਦੇਣਗੇ।

ਦਮਦਮੀ ਟਕਸਾਲ (ਜਥਾ ਭਿੰਡਰਾਂ)
ਗੁਰਦੁਆਰਾ ਗੁਰਦਰਸ਼ਨ ਪ੍ਰਕਾਸ਼ ਮਹਿਤਾ ਜ਼ਿਲ੍ਹਾ ਅੰਮ੍ਰਿਤਸਰ

ਦਮਦਮੀ ਟਕਸਾਲ ਦੇ 14ਵੇਂ ਮੁਖੀ, ਵੀਹਵੀਂ ਸਦੀ ਦੇ ਮਹਾਨ ਜਰਨੈਲ,
ਅਮਰ ਸ਼ਹੀਦ ਸੰਤ ਗਿਆਨੀ ਜਰਨੈਲ ਸਿੰਘ ਜੀ ਖਾਲਸਾ ' ਭਿੰਡਰਾਂਵਾਲਿਆਂ '
ਅਤੇ ਉਹਨਾਂ ਨਾਲ ਸ਼ਹੀਦ ਹੋਏ ਸਮੂਹ ਸ਼ਹੀਦਾਂ ਦੀ ਯਾਦ ਵਿੱਚ

# 42ਵੇਂ ਸ਼ਹੀਦੀ ਸਮਾਗਮ

ਨੂੰ ਮੁੱਖ ਰੱਖਦਿਆ, ਮਹਿਤਾ ਇਲਾਕੇ ਦੀ

# ਵਿਸ਼ੇਸ਼ ਮੀਟਿੰਗ



ਮਿਤੀ 30 ਮਈ 2026, ਦਿਨ ਸ਼ਨੀਵਾਰ
ਸਮਾਂ: ਸਵੇਰੇ 12 ਵਜੇ ਤੋਂ ਅਰੰਭ

ਸਥਾਨ: ਗੁਰਦੁਆਰਾ ਗੁਰਦਰਸ਼ਨ ਪ੍ਰਕਾਸ਼,
ਹੈੱਡ ਕੁਆਟਰ ਦਮਦਮੀ ਟਕਸਾਲ, ਮਹਿਤਾ (ਅੰਮ੍ਰਿਤਸਰ)

ਆਵਾਜ਼ਿ ਕੌਮ AWAZE QAUM International Newspaper & WEB TV

ਵੱਲੋਂ: ਸੰਤ ਗਿਆਨੀ ਹਰਨਾਮ ਸਿੰਘ ਜੀ ਖ਼ਾਲਸਾ 'ਭਿੰਡਰਾਂਵਾਲੇ'
ਮੁਖੀ ਦਮਦਮੀ ਟਕਸਾਲ, ਜੱਥਾ ਭਿੰਡਰਾਂ (ਮਹਿਤਾ), ਸੰਪਰਕ: 99158-00904

ਆਵਾਜ਼ਿ ਕੌਮ AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

## ਰਾਮਾਂ ਮੰਡੀ ਨਗਰ ਕੌਂਸਲ ਚੋਣਾਂ ਵਿੱਚ "ਆਪ" ਦੀ ਇਤਿਹਾਸਕ ਜਿੱਤ

# 15 ਵਿੱਚੋਂ 13 ਸੀਟਾਂ ਤੇ ਕੀਤਾ ਕਬਜ਼ਾ









**ਤਲਵੰਡੀ ਸਾਬੋ, 29 ਮਈ (ਗੁਰਜੰਟ ਸਿੰਘ ਨਥੇਹਾ)**- ਪੰਜਾਬ ਵਿੱਚ ਹੋਈਆਂ ਨਗਰ ਕੌਂਸਲ ਚੋਣਾਂ ਦੇ ਨਤੀਜਿਆਂ ਦੌਰਾਨ ਤਲਵੰਡੀ ਸਾਬੋ ਦੀ ਪ੍ਰਮੁੱਖ ਵਪਾਰਕ ਮੰਡੀ ਰਾਮਾਂ ਮੰਡੀ ਵਿੱਚ ਆਮ ਆਦਮੀ ਪਾਰਟੀ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਇਤਿਹਾਸਕ ਜਿੱਤ

ਆਵਾਜ਼ਿ ਕੌਮ AWAZE QAUM International Newspaper & WEB TV

ਦਰਜ ਕੀਤੀ ਹੈ। ਨਗਰ ਕੌਂਸਲ ਦੀਆਂ ਕੁੱਲ 15 ਸੀਟਾਂ ਵਿੱਚੋਂ 13 ਸੀਟਾਂ 'ਤੇ ਜਿੱਤ ਹਾਸਲ ਕਰਕੇ "ਆਪ" ਨੇ ਵਿਰੋਧੀ ਧਿਰਾਂ ਦਾ ਲਗਭਗ ਸਫਾਇਆ ਕਰ ਦਿੱਤਾ। ਜਦਕਿ ਸ਼੍ਰੋਮਣੀ ਅਕਾਲੀ ਦਲ ਬਾਦਲ ਅਤੇ ਕਾਂਗਰਸ ਨੂੰ ਕੇਵਲ ਇੱਕ-ਇੱਕ ਸੀਟ ਨਾਲ ਹੀ ਸੰਤੁਸ਼ਟ ਹੋਣਾ ਪਿਆ।ਚੋਣ ਨਤੀਜੇ ਸਾਹਮਣੇ ਆਉਂਦੇ ਹੀ ਰਾਮਾਂ ਮੰਡੀ ਵਿੱਚ "ਆਪ" ਵਰਕਰਾਂ ਅਤੇ ਸਮਰਥਕਾਂ ਵਿੱਚ ਖੁਸ਼ੀ ਦੀ ਲਹਿਰ ਦੌੜ ਗਈ।ਪਾਰਟੀ ਵਰਕਰਾਂ ਵੱਲੋਂ ਢੋਲ ਨਾਲ ਜਸ਼ਨ ਮਨਾਇਆ ਗਿਆ, ਇੱਕ-ਦੂਜੇ ਨੂੰ ਲੱਡੂ ਵੰਡ ਕੇ ਵਧਾਈਆਂ ਦਿੱਤੀਆਂ ਗਈਆਂ ਅਤੇ ਸ਼ਹਿਰ ਦੇ ਵੱਖ-ਵੱਖ ਹਿੱਸਿਆਂ ਵਿੱਚ ਜਿੱਤ ਦੇ ਜਸ਼ਨ ਵੇਖਣ ਨੂੰ ਮਿਲੇ। ਇਸ ਮੌਕੇ ਤਲਵੰਡੀ ਸਾਬੋ ਹਲਕੇ ਦੀ ਵਿਧਾਇਕਾ ਅਤੇ ਕੈਬਨਿਟ ਰੈਂਕ ਪ੍ਰਾਪਤ ਪ੍ਰੋ. ਬਲਜਿੰਦਰ ਕੌਰ ਨੇ ਜੇਤੂ ਉਮੀਦਵਾਰਾਂ ਨੂੰ ਫੁੱਲਾਂ ਦੇ ਹਾਰ ਪਹਿਨਾ ਕੇ ਅਤੇ ਮੂੰਹ ਮਿੱਠਾ ਕਰਵਾ ਕੇ ਵਧਾਈ



ਦਿੱਤੀ।ਉਨ੍ਹਾਂ ਨੇ ਰਾਮਾਂ ਮੰਡੀ ਦੇ ਵੋਟਰਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਲੋਕਾਂ ਨੇ ਆਮ ਆਦਮੀ ਪਾਰਟੀ ਦੀ ਨੀਤੀ, ਵਿਕਾਸਮੁੱਖੀ ਸੋਚ ਅਤੇ ਸਰਕਾਰ ਵੱਲੋਂ ਕੀਤੇ ਗਏ ਕੰਮਾਂ 'ਤੇ ਭਰੋਸਾ ਜਤਾਇਆ ਹੈ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸਿੱਖਿਆ, ਸਿਹਤ, ਬਿਜਲੀ ਅਤੇ ਬੁਨਿਆਦੀ ਢਾਂਚੇ ਦੇ ਖੇਤਰ ਵਿੱਚ ਕੀਤੇ ਗਏ ਵਿਕਾਸ ਕਾਰਜਾਂ ਅਤੇ ਲੋਕਾਂ ਨਾਲ ਕੀਤੇ ਵਾਅਦਿਆਂ ਨੂੰ ਪੂਰਾ ਕਰਨ ਦੀ ਬਦੌਲਤ ਹੀ ਪਾਰਟੀ ਨੂੰ ਇਹ ਵੱਡਾ ਜਨ ਸਮਰਥਨ ਮਿਲਿਆ ਹੈ। ਉਨ੍ਹਾਂ ਇਹ ਵੀ ਭਰੋਸਾ ਦਿਵਾਇਆ ਕਿ ਰਾਮਾਂ ਮੰਡੀ ਦੇ ਵਿਕਾਸ ਲਈ ਹੋਰ ਵੀ ਤੇਜ਼ੀ ਨਾਲ ਕੰਮ ਕੀਤੇ ਜਾਣਗੇ ਅਤੇ ਲੋਕਾਂ ਦੀਆਂ ਉਮੀਦਾਂ 'ਤੇ ਪੂਰਾ ਉਤਰਾ ਜਾਵੇਗਾ।ਚੋਣ ਨਤੀਜਿਆਂ ਨੂੰ ਰਾਜਨੀਤਿਕ ਮਾਹਿਰ ਆਉਣ ਵਾਲੇ ਸਮੇਂ ਦੀ ਸਿਆਸੀ ਦਿਸ਼ਾ ਨਾਲ ਵੀ ਜੋੜ ਕੇ ਵੇਖ ਰਹੇ ਹਨ, ਕਿਉਂਕਿ ਰਾਮਾਂ ਮੰਡੀ ਵਰਗੀ ਅਹਿਮ ਵਪਾਰਕ ਮੰਡੀ ਵਿੱਚ ਮਿਲੀ ਇਹ ਜਿੱਤ "ਆਪ" ਲਈ ਵੱਡਾ ਰਾਜਨੀਤਿਕ ਸੰਦੇਸ਼ ਮੰਨੀ ਜਾ ਰਹੀ ਹੈ।

## ਸ਼੍ਰੋਮਣੀ ਅਕਾਲੀ ਦਲ ਪੁਨਰ-ਸੁਰਜੀਤ ਨੇ

# ਨਿਗਮ ਚੋਣਾਂ ਵਿੱਚ ਆਪਣੀ ਭਰਵੀਂ ਹਾਜਰੀ ਲਗਵਾਈ- ਗਿਆਨੀ ਹਰਪ੍ਰੀਤ ਸਿੰਘ

**ਚੰਡੀਗੜ੍ਹ, 29 ਮਈ (ਆਵਾਜ਼ਿ ਕੌਮ ਬਿਊਰੋ)**- ਸ਼੍ਰੋਮਣੀ ਅਕਾਲੀ ਦਲ ਪੁਨਰ-ਸੁਰਜੀਤ ਦੇ ਪ੍ਰਧਾਨ ਗਿਆਨੀ ਹਰਪ੍ਰੀਤ ਸਿੰਘ ਨੇ ਇਕ ਲਿਖਤੀ ਪ੍ਰੈੱਸ ਬਿਆਨ ਵਿੱਚ ਦੱਸਿਆ ਕਿ ਜਥੇਬੰਦੀ ਨੇ 26 ਮਈ ਨੂੰ ਹੋਈਆਂ

ਆਵਾਜ਼ਿ ਕੌਮ AWAZE QAUM International Newspaper & WEB TV

ਨਿਗਮ ਚੋਣਾਂ ਦੌਰਾਨ ਚੰਗੇ ਨਤੀਜੇ ਹਾਸਿਲ ਕੀਤੇ ਹਨ। ਉਹਨਾਂ ਨੇ ਕਿਹਾ ਕਿ ਭਾਵੇਂ ਮੌਜੂਦਾ ਸਰਕਾਰ ਨੇ ਵੀ ਪੁਰਾਣੀਆਂ ਸਰਕਾਰਾਂ ਦੀ ਲੀਹ 'ਤੇ ਚੱਲਦਿਆਂ, ਚੋਣਾਂ ਜਿੱਤਣ ਲਈ ਵੱਡੀ ਧੱਕੇਸ਼ਾਹੀ ਕੀਤੀ, ਉਮੀਦਵਾਰਾਂ ਨੂੰ ਐਨ ਓ ਸੀ ਦੇਣ ਅਤੇ ਕਾਗਜ ਦਾਖਲ ਕਰਨ ਤੋਂ ਰੋਕਿਆ ਗਿਆ, ਗਿਣਤੀ ਵੇਲੇ ਵੀ ਘਪਲੇਬਾਜ਼ੀ ਦੀਆਂ ਖਬਰਾਂ ਆ ਰਹੀਆਂ ਹਨ।ਜਿਸ ਨਾਲ ਇਹ ਚੋਣਾਂ 2027 ਵਿਧਾਨ ਸਭਾ ਚੋਣਾਂ ਦੀ ਬਜਾਏ ਗੁੰਡਾਗਰਦੀ ਦਾ



ਸੈਮੀਫਾਈਨਲ ਬਣ ਗਈਆਂ ਹਨ। ਪਰ ਇਸ ਸਭ ਕੁਝ ਦੇ ਬਾਵਜੂਦ ਸ਼੍ਰੋਮਣੀ ਅਕਾਲੀ ਦਲ ਪੁਨਰ-ਸੁਰਜੀਤ ਨੇ ਆਜਾਦ ਉਮੀਦਵਾਰਾਂ ਵਜੋਂ ਚੋਣਾਂ ਲੜਦਿਆਂ, ਕਈ ਨਿਗਮਾਂ, ਨਗਰ ਪੰਚਾਇਤਾਂ ਅਤੇ ਨਗਰ ਕੌਂਸਲਾਂ ਵਿੱਚ ਜਿੱਤ ਪ੍ਰਾਪਤ ਕਰਕੇ ਦੱਸ ਦਿੱਤਾ ਹੈ ਕਿ ਇਹ ਜਥੇਬੰਦੀ ਆਮ ਲੋਕਾਂ ਵਿੱਚ ਆਪਣਾ ਪੂਰਾ ਆਧਾਰ ਰੱਖਦੀ ਹੈ। ਗਿਆਨੀ ਹਰਪ੍ਰੀਤ ਸਿੰਘ ਨੇ ਕਿਹਾ ਕਿ ਜੇ ਸਰਕਾਰਾਂ ਦਾ ਦਬਾਅ ਅਤੇ ਵਿਰੋਧੀਆਂ ਵੱਲੋਂ ਪਾਰਟੀ ਸੰਬੰਧੀ ਭੰਬਲਭੂਸੇ ਵਾਲਾ ਮਾਹੌਲ ਨਾ ਬਣਾਇਆ ਹੁੰਦਾ ਤਾਂ ਜਿੱਤ ਇਸਤੋਂ ਵੀ ਵੱਡੀ ਹੋਣੀ ਸੀ। ਬਿਆਨ ਦੇ ਅਖੀਰ ਵਿੱਚ ਉਹਨਾਂ ਨੇ ਇਸ ਜਿੱਤ ਲਈ ਸਮੂਹ ਆਗੂਆਂ, ਵਰਕਰਾਂ, ਉਮੀਦਵਾਰਾਂ ਨੂੰ ਵਧਾਈ ਦੇਣ ਦੇ ਨਾਲ-ਨਾਲ ਸਮੂਹ ਵੋਟਰਾਂ ਦਾ ਤਹਿ ਦਿਲੋਂ ਧੰਨਵਾਦ ਵੀ ਕੀਤਾ, ਜਿੰਨਾਂ ਨੇ ਪਾਰਟੀ ਪ੍ਰਤੀ ਆਪਣਾ ਵਿਸ਼ਵਾਸ ਜਤਾ ਕੇ ਉਮੀਦਵਾਰਾਂ ਨੂੰ ਜੇਤੂ ਬਣਾਇਆ। ਪ੍ਰੈੱਸ ਦੇ ਨਾਮ ਇਹ ਬਿਆਨ ਮੀਡੀਆ ਇੰਚਾਰਜ ਸ ਤੇਜਿੰਦਰ ਸਿੰਘ ਪੰਨੂੰ ਵੱਲੋਂ ਜਾਰੀ ਕੀਤਾ ਗਿਆ।

# ਭਾਰਤੀ ਜਨਤਾ ਪਾਰਟੀ ਵਲੋਂ ਕੇਵਲ ਸਿੰਘ ਢਿਲੋਂ ਨੂੰ ਪੰਜਾਬ ਪ੍ਰਧਾਨ ਨਿਯੁਕਤ ਕਰਨ 'ਤੇ ਵਰਕਰਾਂ 'ਚ ਖ਼ੁਸ਼ੀ ਦੀ ਲਹਿਰ

ਚੌਕ ਮਹਿਤਾ, 29 ਮਈ (ਬਾਬਾ ਸੁਖਵੰਤ ਸਿੰਘ ਚੰਨਣਕੇ) ਭਾਰਤੀ ਜਨਤਾ ਪਾਰਟੀ ਵਲੋਂ ਸਿੱਖ ਚਿਹਰਾ ਵਜੋਂ ਕੇਵਲ ਸਿੰਘ ਢਿਲੋਂ ਨੂੰ ਪੰਜਾਬ ਦਾ ਪ੍ਰਧਾਨ ਨਿਯੁਕਤ ਕਰਨ ਤੇ ਭਾਜਪਾ ਵਰਕਰਾਂ ਵਿਚ ਖ਼ੁਸ਼ੀ ਦੀ ਲਹਿਰ ਪਾਈ ਹੈ ।ਇਸ ਬਾਰੇ ਭਾਰਤੀ ਜਨਤਾ ਪਾਰਟੀ ਦੇ ਹਲਕਾ ਬਾਬਾ ਬਕਾਲਾ ਸਾਹਿਬ ਦੇ ਇੰਚਾਰਜ ਮਨਜੀਤ ਸਿੰਘ ਮੰਨਾ ਵਲੋਂ ਥਾਪੇ ਗਏ ਸਰਕਲ ਪ੍ਰਧਾਨ ਠੇਕੇਦਾਰ



ਆਵਾਜ਼ਿ ਕੌਮ AWAZE QAUM International Newspaper & WEB TV

ਗੁਰਚਰਨ ਸਿੰਘ ਸਠਿਆਲਾ ਨੇ ਕਿਹਾ ਕਿ 2027 ਪੰਜਾਬ ਵਿਧਾਨ ਸਭਾ ਚੋਣਾਂ ਨੂੰ ਧਿਆਨ ਵਿਚ ਰੱਖਦੇ ਹੋਏ ਇੱਕ ਸਿੱਖ ਚਿਹਰੇ ਨੂੰ ਅੱਗੇ ਲਿਆਉਣ ਦੀ ਰਣਨੀਤੀ ਤਹਿਤ ਭਾਜਪਾ ਹਾਈ ਕਮਾਂਡ ਨੇ ਇਹ ਫੈਸਲਾ ਸਹੀ ਲਿਆ ਹੈ ।ਉਨ੍ਹਾਂ ਨੇ ਨਵ ਨਿਯੁਕਤ ਪ੍ਰਧਾਨ ਕੇਵਲ ਸਿੰਘ ਢਿਲੋਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਹਲਕਾ ਇੰਚਾਰਜ ਸਾਬਕਾ ਵਿਧਾਇਕ ਮਨਜੀਤ ਸਿੰਘ ਮੰਨਾ ਦੀ ਅਗਵਾਈ ਵਿਚ ਭਾਜਪਾ ਦੀ ਹਲਕਾ ਬਾਬਾ ਬਕਾਲਾ ਸਾਹਿਬ ਵਿਚ ਸਥਿਤੀ ਦਿਨ ਬ ਦਿਨ ਮਜ਼ਬੂਤ ਹੋ ਰਹੀ ਹੈ ।ਉਨ੍ਹਾਂ ਨੇ ਕਿਹਾ ਕਿ ਆਮ ਪਾਰਟੀ ਦੇ ਰਾਜ ਵਿਚ ਪੰਜਾਬ ਦੇ ਲੋਕ ਡਰ ਦੇ ਸਾਏ ਹੇਠ ਦਿਨ ਕੱਟ ਰਹੇ ਹਨ ।ਉਨ੍ਹਾਂ ਨੇ ਕਿਹਾ ਹੈ ਕਿ 2027 ਦੀਆਂ ਪੰਜਾਬ ਵਿਧਾਨ ਸਭਾ ਚੋਣਾਂ ਵਿਚ ਭਾਰਤੀ ਜਨਤਾ ਪਾਰਟੀ ਨੂੰ ਜਿਤਾਉਣ ਲਈ ਲੋਕ ਉਤਵਲੇ ਹੋ ਚੁੱਕੇ ਹਨ।

# ਦਮਦਮੀ ਟਕਸਾਲ ਦੇ ਹੈਡਕੁਆਰਟਰ ਗੁਰਦੁਆਰਾ ਗੁਰਦਰਸ਼ਨ ਪ੍ਰਕਾਸ਼ ਵਿਖੇ 1984 ਦੇ ਸਮੂਹ ਸ਼ਹੀਦਾਂ ਦੀ ਯਾਦ ਵਿਚ ਮਨਾਇਆ ਜਾ ਰਿਹੈ ਸ਼ਹੀਦੀ ਸਮਾਗਮ

ਫ਼ਿਰੋਜ਼ਪੁਰ, 29 ਮਈ (ਮਨੋਹਰ ਲਾਲ) :— ਜੂਨ 1984 ਦੇ ਸਿੱਖ ਘੱਲੂਘਾਰੇ ਦੀ 42ਵੀਂ ਬਰਸੀ ਦੇ ਸਬੰਧ ਵਿੱਚ ਦਮਦਮੀ ਟਕਸਾਲ ਦੇ ਮੁੱਖ ਕੇਂਦਰ ਗੁਰਦੁਆਰਾ ਗੁਰਦਰਸ਼ਨ ਪ੍ਰਕਾਸ਼ ਚੌਕ ਮਹਿਤਾ (ਅੰਮ੍ਰਿਤਸਰ) ਵਿਖੇ 6 ਜੂਨ ਨੂੰ ਸਾਲਾਨਾ ਸ਼ਹੀਦੀ ਸਮਾਗਮ ਬੜੀ ਸ਼ਰਧਾ ਅਤੇ ਖ਼ਾਲਸਾਈ ਜਾਹੋ—ਜਲਾਲ ਨਾਲ ਮਨਾਇਆ ਜਾ ਰਿਹਾ ਹੈ। ਇਹ ਸਮਾਗਮ ਵੀਹਵੀਂ ਸਦੀ ਦੇ ਮਹਾਨ ਕੌਮੀ ਅਮਰ ਸ਼ਹੀਦ ਸੰਤ ਗਿਆਨੀ ਜਰਨੈਲ ਸਿੰਘ ਜੀ ਖ਼ਾਲਸਾ ਭਿੰਡਰਾਂਵਾਲੇ ਅਤੇ ਸਮੂਹ ਸ਼ਹੀਦਾਂ ਦੀ ਨਿੱਘੀ ਯਾਦ ਵਿੱਚ ਉਲੀਕਿਆ ਗਿਆ ਹੈ।ਦਮਦਮੀ



ਆਵਾਜ਼ਿ ਕੌਮ AWAZE QAUM International Newspaper & WEB TV

ਟਕਸਾਲ ਦੇ ਮੌਜੂਦਾ ਮੁਖੀ ਸ੍ਰੀਮਾਨ ਸੰਤ ਗਿਆਨੀ ਬਾਬਾ ਹਰਨਾਮ ਸਿੰਘ ਖ਼ਾਲਸਾ ਜੀ ਦੀ ਸਰਪ੍ਰਸਤੀ ਹੇਠ ਹੋਣ ਵਾਲੇ ਇਸ ਵਿਸ਼ਾਲ ਸਮਾਗਮ ਲਈ ਦੇਸ਼—ਵਿਦੇਸ਼ ਦੀਆਂ ਸੰਗਤਾਂ ਵਿੱਚ ਭਾਰੀ ਉਤਸਾਹ ਹੈ।ਦਮਦਮੀ ਟਕਸਾਲ ਦੇ ਮੁੱਖ ਬੁਲਾਰੇ ਜਥੇਦਾਰ ਗਿਆਨੀ ਸੁਖਦੇਵ ਸਿੰਘ ਖਾਲਸਾ ਨੇ ਦੱਸਿਆ ਕਿ ਪੰਜਾਬ ਦੇ ਕੋਨੇ—ਕੋਨੇ ਵਿੱਚ ਸਥਿਤ ਗੁਰੂ ਘਰਾਂ ਵਿੱਚ ਸ਼ਰਧਾਲੂਆਂ ਦੀ ਭਾਰੀ ਭੀੜ ਉਮੜ ਰਹੀ ਹੈ। ਜਥੇਦਾਰ ਗਿਆਨੀ ਸੁਖਦੇਵ ਸਿੰਘ ਨੇ ਖ਼ਾਸ ਕਰਕੇ ਮਾਲਵਾ ਅਤੇ ਮਾਝਾ ਦੇ ਇਲਾਕਿਆਂ ਜਿਵੇਂ ਕਿ ਫ਼ਿਰੋਜ਼ਪੁਰ, ਫ਼ਾਜ਼ਿਲਕਾ, ਅਬੋਹਰ, ਫ਼ਰੀਦਕੋਟ, ਬਠਿੰਡਾ, ਅਮ੍ਰਿਤਸਰ, ਗੁਰਦਾਸਪੁਰ, ਤਰਨਤਾਰਨ, ਮਾਨਸਾ, ਸੰਗਰੂਰ, ਪਟਿਆਲਾ ਅਤੇ ਰੋਪੜ ਦੇ ਜ਼ਿਲ੍ਹਿਆਂ ਦੇ ਜਥੇਦਾਰਾਂ ਨਾਲ ਮੀਟਿੰਗ ਕੀਤੀ ਅਤੇ ਉਨ੍ਹਾਂ ਨੇ ਭਰੋਸਾ ਦੁਆਇਆ ਗਿਆ 6 ਜੂਨ ਨੂੰ ਗੁਰਦੁਆਰਾ ਗੁਰਦਰਸ਼ਨ ਪ੍ਰਕਾਸ਼ ਚੌਂਕ ਮਹਿਤਾ ਵਿਖੇ ਸੰਗਤਾਂ ਲੈ ਕੇ ਪਹੁੰਚਾਂਗੇ। ਫ਼ਿਰੋਜ਼ਪੁਰ ਵਿਖੇ ਹੋਈ ਇਕ ਵਿਸ਼ੇਸ਼ ਇਕੱਤਰਤਾ ਦੌਰਾਨ ਪ੍ਰਮੁੱਖ ਪੰਥਕ ਆਗੂਆਂ ਜਿਨ੍ਹਾਂ ਵਿੱਚ ਜਥੇਦਾਰ ਭਾਈ ਚਮਕੌਰ ਸਿੰਘ, ਭਾਈ ਸਰਵਣ ਸਿੰਘ ਮੱਲਾਂਵਾਲਾ, ਦਮਦਮਾ ਸਾਹਿਬ ਬਾਬਾ ਕਾਕਾ ਸਿੰਘ ਮਸਤੂਆਣਾ ਸਾਹਿਬ ਸੰਗਰੂਰ, ਸੰਤ ਬਾਬਾ ਸੁਖਦੇਵ ਸਿੰਘ ਸੰਗਰੂਰ ਅਤੇ ਸੰਤ ਬਾਬਾ ਹਰਬੇਅੰਤ ਸਿੰਘ ਸੰਗਰੂਰ, ਭਾਈ ਰਸ਼ਪਾਲ ਸਿੰਘ ਝੋਕ ਮੋਹੜੇ, ਬਾਬਾ ਜੱਜ ਸਿੰਘ ਜਲਾਲਾਬਾਦ, ਜਥੇਦਾਰ ਗੁਰਪ੍ਰੀਤ ਸਿੰਘ ਮੁਕਤਸਰ, ਜਥੇਦਾਰ ਗੁਰਮੀਤ ਸਿੰਘ ਦਮਦਮਾ ਸਾਹਿਬ, ਭਾਈ ਭੁਪਿੰਦਰ ਸਿੰਘ ਸੇਖੋਂ ਅਤੇ ਭਾਈ ਪੂਰਨ ਸਿੰਘ ਸ਼ਾਮਲ ਸਨ, ਨੇ ਇਕਸੁਰ ਹੋ ਕੇ ਸੰਗਤਾਂ ਨੂੰ ਪਰਿਵਾਰਾਂ ਸਮੇਤ ਵੱਧ—ਚੜ੍ਹ ਕੇ ਸ਼ਮੂਲੀਅਤ ਕਰਨ ਦੀ ਅਪੀਲ ਕੀਤੀ। ਜਥੇਦਾਰ ਗਿਆਨੀ ਸੁਖਦੇਵ ਸਿੰਘ ਖਾਲਸਾ ਜੀ ਨੇ ਦੱਸਿਆ ਕਿ ਲੁਧਿਆਣਾ ਸਿੱਖ ਸਟੂਡੈਂਟਸ ਫੈਡਰੇਸ਼ਨ ਵੱਲੋਂ ਭਾਰੀ ਗਿਣਤੀ ਵਿਚ ਕਾਫਲਿਆਂ ਦੇ ਰੂਪ ਵਿਚ ਪਹੁੰਚਣਗੇ। ਆਗੂਆਂ ਨੇ ਆਖਿਆ ਕਿ ਸੰਤ ਭਿੰਡਰਾਂਵਾਲੇ ਅਤੇ ਉਨ੍ਹਾਂ ਦੇ ਸਾਥੀਆਂ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਪਵਿੱਤਰਤਾ ਅਤੇ ਸਿੱਖ ਕੌਮ ਦੀ ਆਨ ਸ਼ਾਨ ਲਈ ਆਪਣੀਆਂ ਜਾਨਾਂ ਨਿਛਾਵਰ ਕੀਤੀਆਂ ਸਨ। ਜੂਨ 1984 ਦਾ ਘੱਲੂਘਾਰਾ ਸਿੱਖ ਇਤਿਹਾਸ ਦਾ ਉਹ ਨਾਸੂਰ ਹੈ ਜਿਸ ਨੂੰ ਕਦੇ ਭੁਲਾਇਆ ਨਹੀਂ ਜਾ ਸਕਦਾ। ਪ੍ਰਬੰਧਕੀ ਕਮੇਟੀ ਨੇ ਸਮੂਹ ਨਾਨਕ ਨਾਮ ਲੇਵਾ ਸੰਗਤ ਨੂੰ ਇਸ ਮਹਾਨ ਸ਼ਹੀਦੀ ਪੁਰਬ 'ਤੇ ਹਾਜ਼ਰੀਆਂ ਭਰਨ ਦਾ ਨਿੱਘਾ ਸੱਦਾ ਦਿੱਤਾ ਹੈ।

# ਸਟਰੀਮ ਲਾਈਨ ਵੈਲਫੇਅਰ ਸੋਸਾਇਟੀ ਨੇ ਮੁਫ਼ਤ ਸਟੈਸਨਰੀ ਵੰਡੀ



ਫ਼ਿਰੋਜ਼ਪੁਰ, 29 ਮਈ (ਮਨੋਹਰ ਲਾਲ) :— ਸਮਾਜ ਸੇਵੀ ਸੰਸਥਾ ਸਟਰੀਮ ਲਾਈਨ ਵੈਲਫੇਅਰ ਸੋਸਾਇਟੀ ਫਿਰੋਜ਼ਪੁਰ ਵੱਲੋਂ ਸਰਕਾਰੀ ਪ੍ਰਾਇਮਰੀ ਸਕੂਲ ਗੋਬਿੰਦ ਨਗਰੀ ਫਿਰੋਜਪੁਰ ਸ਼ਹਿਰ ਵਿਖੇ ਡਾਕਟਰ ਦੀਵਾਨ ਚੰਦ ਸੁਖੀਜਾ ਚੇਅਰਮੈਨ ਤੇ ਸ੍ਰੀ ਕਿਸ਼ਨ ਚੰਦ ਜਾਗੋਵਾਲੀਆ ਪ੍ਰਧਾਨ ਦੀ ਅਗਵਾਈ ਹੇਠ ਮੁਫਤ ਸਟੇਸ਼ਨਰੀ ਵੰਡ ਕੈਂਪ ਲਗਾਇਆ। ਇਸ ਸਬੰਧੀ ਜਾਣਕਾਰੀ ਦਿੰਦਿਆਂ ਕਿਸ਼ਨ ਚੰਦ ਜਾਗੋਵਾਲੀਆ ਨੇ ਦੱਸਿਆ ਕਿ ਇਸ ਕੈਂਪ

ਆਵਾਜ਼ਿ ਕੌਮ AWAZE QAUM International Newspaper & WEB TV

ਵਿੱਚ ਸਕੂਲ ਦੇ ਸਾਰੇ ਬੱਚਿਆਂ ਨੂੰ ਕਾਪੀਆਂ ਅਤੇ ਪੈਨਸਲਾਂ ਦਿੱਤੀਆਂ ਗਈਆਂ। ਇਸ ਕੰਮ ਲਈ ਸਕੂਲ ਸਟਾਫ ਨੇ ਸੋਸਾਇਟੀ ਦਾ ਬਹੁਤ ਧੰਨਵਾਦ ਕੀਤਾ ਤੇ ਸੋਸਾਇਟੀ ਨੇ ਭਰੋਸਾ ਦਵਾਇਆ ਕਿ ਅੱਗੇ ਤੋਂ ਹੋਰ ਵੀ ਕੈਂਪ ਲਾਏ ਜਾਣਗੇ।ਇਸ ਮੌਕੇ ਸ੍ਰੀ ਨੰਦ ਲਾਲ ਨੇ ਡੇਂਗੂ ਅਤੇ ਮਲੇਰੀਆ ਬੁਖਾਰ ਬਾਰੇ ਜਾਣਕਾਰੀ ਦਿੱਤੀ ਤੇ ਬਚਾਅ ਲਈ ਬੱਚਿਆਂ ਨੂੰ ਜਾਗਰੂਕ ਕੀਤਾਂ। ਇਸ ਮੌਕੇ ਵਿਸ਼ੇਸ਼ ਤੌਰ ਤੇ ਅਵਤਾਰ ਸਿੰਘ ਭੋਲਾ ਖਜਾਨਚੀ, ਪੁਸ਼ਪ ਲਤਾ ਜੁਆਇੰਟ ਸਕੱਤਰ, ਸੁਰਿੰਦਰ ਵਿੱਜ ਪ੍ਰੈਸ ਰਿਪੋਰਟ, ਰਾਜ ਬਰਿਟ ਠਾਕੁਰ ਤੋਂ ਇਲਾਵਾ ਸਕੂਲ ਸਟਾਫ ਮੋਨਿਕਾ ਰਾਣੀ ਹੈਡ ਟੀਚਰ, ਚੰਦਰਕਾਂਤਾ, ਪੂਜਾ ਰਾਣੀ, ਸੁਖਪਾਲ ਕੌਰ, ਵੰਦਨਾ ਗਰੋਵਰ, ਨੇਹਾ ਗਾਬਾ, ਨੀਤੂ ਨਰੂਲਾ ਹਾਜਰ ਸਨ।

### ਦਮਦਮੀ ਟਕਸਾਲ ਨੇ

# ਗੁਰਦੁਆਰਾ ਰਾਮ ਥੰਮਣ ਮਨੇਸ਼ ਵਿਖੇ ਸਜਾਇਆ 28ਵਾਂ ਦੀਵਾਨ

## ਭਟਕਣਾਂ ਨੂੰ ਛੱਡ ਕੇ ਸੰਗਤਾਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਲੜ੍ਹ ਲੱਗਣ : ਬਾਬਾ ਹਰਨਾਮ ਸਿੰਘ ਖਾਲਸਾ













**ਚੌਂਕ ਮਹਿਤਾ, 29 ਮਈ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਦਮਦਮੀ ਟਕਸਾਲ ਦੇ ਮੁਖੀ ਅਤੇ ਸੰਤ ਸਮਾਜ ਦੇ ਪ੍ਰਧਾਨ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਦੀ ਅਗਵਾਈ ਵਿੱਚ ਅੱਜ ਗੁਰਦੁਆਰਾ ਤਪ ਅਸਥਾਨ ਬਾਬਾ ਰਾਮ ਥੰਮਣ ਜੀ ਮਨੇਸ਼ ਵਿਖੇ 28ਵੇਂ ਦਿਨ ਦੇ ਸ਼ਹੀਦੀ ਦੀਵਾਨ ਸਜਾਏ ਗਏ। ਜਿਕਰਯੋਗ ਹੈ ਕਿ ਜੂਨ 1984 (ਘੱਲੂਘਾਰਾ) ਦੇ ਸ਼ਹੀਦਾਂ ਦੀ ਯਾਦ ਦੇ ਵਿਚ 1 ਮਈ ਤੋਂ ਲਗਾਤਾਰ ਮਾਝਾ ਇਲਾਕੇ ਦੇ ਵੱਖ ਵੱਖ ਨਗਰਾਂ ਵਿਚ ਇਹ ਦੀਵਾਨ ਸਜਾਏ ਜਾ ਰਹੇ ਹਨ।ਅੱਜ ਦੇ ਇਸ ਸਮਾਗਮ ਦੌਰਾਨ ਦਮਦਮੀ ਟਕਸਾਲ ਦੇ ਹਜੂਰੀ ਰਾਗੀ ਜੱਥੇ ਨੇ ਇਲਾਹੀ ਬਾਣੀ ਦੇ ਰਸਭਿੰਨੇ ਕੀਰਤਨ ਦੀ ਛਹਿਬਰ ਲਗਾ ਕੇ ਸੰਗਤ ਨੂੰ ਨਿਹਾਲ ਕੀਤਾ। ਉਪਰੰਤ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਨੇ ਦੀਵਾਨ ਦੇ ਵਿਚ ਮੌਜੂਦ ਬੇਅੰਤ ਸੰਗਤਾਂ ਦੇ ਨਾਲ ਗੁਰਮਤਿ ਵੀਚਾਰਾਂ ਦੀ ਸਾਂਝ ਪਾਈ ਅਤੇ ਛੇਵੇਂ ਪਾਤਸ਼ਾਹ ਸ਼੍ਰੀ ਗੁਰੂ ਹਰਗੋਬਿੰਦ ਸਾਹਿਬ ਜੀ ਦੇ ਜੀਵਨ ਸਫ਼ਰ ਨਾਲ ਜੁੜੇ ਪਾਵਨ ਇਤਹਾਸ ਦੀ ਕਥਾ ਸਰਵਨ ਕਰਵਾ ਕੇ ਸੰਗਤ ਨੂੰ ਨਿਹਾਲ ਕੀਤਾ। ਇਸ ਸਮੇਂ ਗਿਆਨੀ ਖਾਲਸਾ ਨੇ ਸੰਗਤ ਨੂੰ ਬਾਣੀ ਅਤੇ ਬਾਣੇ ਨਾਲ ਜੁੜਨ ਲਈ ਪ੍ਰੇਰਿਆ, ਉਨਾਂ ਆਖਿਆ ਕਿ ਦੇਹਧਾਰੀ ਪਾਖੰਡੀਆਂ ਦੇ ਦਰਾਂ ਭਟਕਣਾਂ ਨੂੰ ਛੱਡ ਕੇ ਆਓ ਸਾਰੇ ਸ਼ਬਦ ਗੁਰੂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਲੜ੍ਹ ਲੱਗ ਕੇ ਆਪਣਾ ਜੀਵਨ ਸਫਲਾ ਕਰੀਏ। ਦੀਵਾਨ ਦੀ ਸਮਾਪਤੀ ਮੌਕੇ ਭਾਈ ਗੁਰਪ੍ਰੀਤ ਸਿੰਘ ਵੈਦ ਅਤੇ ਹੋਰਨਾਂ ਪ੍ਰਬੰਧਕਾਂ ਦੇ ਵੱਲੋਂ ਸਿਰੋਪਾਓ ਤੇ ਦਸਤਾਰ ਭੇਟ ਕਰਕੇ ਸੰਤ ਬਾਬਾ ਹਰਨਾਮ ਸਿੰਘ ਖਾਲਸਾ ਦੇ ਸਨਮਾਨ ਕੀਤਾ ਗਿਆ। ਕਥਾ ਵਿਚਾਰ ਦੌਰਾਨ ਭਾਈ ਸਤਨਾਮ ਸਿੰਘ ਖਾਲਸਾ ਨੇ ਪੋਥੀ ਦੇ ਪਾਠ ਦੀ ਸੇਵਾ ਨਿਭਾਈ ਅਤੇ ਸਟੇਜ ਦਾ ਸੰਚਾਲਨ ਪ੍ਰਿੰਸੀਪਲ ਗੁਰਦੀਪ ਸਿੰਘ ਰੰਧਾਵਾ ਨੇ ਕੀਤਾ। ਇਸ ਮੌਕੇ ਜਥੇਦਾਰ ਬਾਬਾ ਅਜੀਤ ਸਿੰਘ ਮੁੱਖੀ ਤਰਨਾ ਦਲ ਮਹਿਤਾ, ਜਥੇਦਾਰ ਬਾਬਾ ਬੋਹੜ ਸਿੰਘ, ਪ੍ਰਿੰ. ਹਰਸ਼ਦੀਪ ਸਿੰਘ ਰੰਧਾਵਾ ਤੇ ਡਾ. ਅਵਤਾਰ ਸਿੰਘ ਬੁੱਟਰ (ਦੋਵੇਂ ਮੈਂਬਰ ਚੀਫ ਖਾਲਸਾ ਦੀਵਾਨ), ਗਿਆਨੀ ਗੁਰਬਾਜ ਸਿੰਘ, ਗਿਆਨੀ ਸਾਹਿਬ ਸਿੰਘ, ਭਾਈ ਜੁਝਾਰ ਸਿੰਘ, ਭਾਈ ਪ੍ਰਭਜੀਤ ਸਿੰਘ, ਭਾਈ ਸਤਨਾਮ ਸਿੰਘ, ਪ੍ਰੋ. ਗਿਆਨੀ ਜੋਬਨਜੀਤ ਸਿੰਘ, ਭਾਈ ਨਿਰਮਲ ਸਿੰਘ ਤੇ ਭਾਈ ਪ੍ਰਕਾਸ਼ ਸਿੰਘ ਤੋਂ ਇਲਾਵਾ ਵੱਡੀ ਗਿਣਤੀ ਵਿਚ ਸੰਗਤਾਂ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

### ਦਮਦਮੀ ਟਕਸਾਲ ਨੇ

# ਗੁਰਦੁਆਰਾ ਨਾਨਕਸਰ ਸਾਹਿਬ ਸਠਿਆਲਾ ਵਿਖੇ ਸਜਾਏ ਸ਼ਹੀਦੀ ਦੀਵਾਨ

## ਗੁਰਬਾਣੀ ਦੇ ਜਾਪ ਨਾਲ ਜੀਵਨ ’ਚ ਸੁਖ ਸ਼ਾਂਤੀ ’ਤੇ ਖੁਸ਼ੀਆਂ ਦਾ ਵਾਸ ਹੁੰਦਾ ਹੈ : ਬਾਬਾ ਹਰਨਾਮ ਸਿੰਘ ਜੀ





ਚੌਂਕ ਮਹਿਤਾ, 29 ਮਈ (ਬਾਬਾ ਸੁਖਵੰਤ ਸਿੰਘ ਚੰਨਣਕੇ)-ਜੂਨ 1984 (ਤੀਸਰਾ ਘੱਲੂਘਾਰਾ) ਦੇ ਸ਼ਹੀਦਾਂ ਦੀ ਯਾਦ ਦੇ ਵਿਚ 42ਵਾਂ ਸ਼ਹੀਦੀ ਸਮਾਗਮ ਦਮਦਮੀ ਟਕਸਾਲ ਦੇ ਹੈੱਡ ਕੁਆਟਰ ਗੁਰਦੁਆਰਾ ਗੁਰਦਰਸ਼ਨ ਪ੍ਰਕਾਸ਼ ਮਹਿਤਾ ਵਿਖੇ 6 ਜੂਨ ਨੂੰ ਅੰਤਰਰਾਸ਼ਟਰੀ ਪੱਧਰ ਤੇ ਮਨਾਇਆ ਜਾਵੇਗਾ। ਸ਼ਹੀਦਾਂ ਦੀ ਯਾਦ ਦੇ ਵਿੱਚ 1 ਮਈ ਤੋਂ ਲਗਾਤਾਰ ਸਜਾਏ ਜਾ ਰਹੇ ਦੀਵਾਨਾਂ ਦੀ ਲੜੀ ਦੇ ਚਲਦਿਆਂ ਅੱਜ ਗੁਰਦੁਆਰਾ ਨਾਨਕਸਰ ਸਾਹਿਬ ਸਠਿਆਲਾ ਵਿਖੇ ਸ਼ਾਮ ਵੇਲੇ ਦੇ ਦੀਵਾਨ ਸਜਾਏ ਗਏ। ਜਿਸ ਦੌਰਾਨ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਨੇ ਮੀਰੀ ਪੀਰੀ ਦੇ ਮਾਲਕ ਛੇਵੇਂ ਪਾਤਸ਼ਾਹ ਸ਼੍ਰੀ ਗੁਰੂ ਹਰਗੋਬਿੰਦ ਸਾਹਿਬ ਜੀ ਦੇ ਜੀਵਨ ਬਿਰਤਾਂਤ ਨਾਲ ਸਬੰਧਤ ਗੁਰ ਇਤਹਾਸ ਦੀ ਲੜੀਵਾਰ ਕਥਾ ਸਰਵਨ ਕਰਵਾ ਕੇ ਦੀਵਾਨ ਵਿਚ ਜੁੜੀਆਂ ਬੇਅੰਤ ਸੰਗਤਾਂ ਨੂੰ ਨਿਹਾਲ ਕੀਤਾ। ਇਸ ਦੌਰਾਨ ਗਿਆਨੀ ਖਾਲਸਾ ਨੇ ਸੰਗਤ ਨੂੰ ਨਿੱਤਨੇਮ ਦੇ ਧਾਰਨੀ ਹੋਣ ਲਈ ਪ੍ਰੇਰਿਆ ਅਤੇ ਆਖਿਆ ਕਿ ਧਿਆਨ ਧਰ ਕੇ ਗੁਰਬਾਣੀ ਦਾ ਜਾਪ ਕਰਨ ਨਾਲ ਜੀਵਨ ਵਿਚ ਸੁਖ ਸ਼ਾਂਤੀ ਅਤੇ ਬਰਕਤਾਂ ਦਾ ਵਾਸ ਹੁੰਦਾ ਹੈ। ਉਨਾਂ ਸੰਗਤ ਨੂੰ ਅਪੀਲ ਕਰਦਿਆਂ ਆਖਿਆ ਕਿ ਦਮਦਮੀ ਟਕਸਾਲ ਦੇ ਹੈਡ ਕੁਆਰਟਰ ਗੁਰਦੁਆਰਾ ਗੁਰੂ ਦਰਸ਼ਨ ਪ੍ਰਕਾਸ਼ ਮਹਿਤਾ ਵਿਖੇ 1 ਜੂਨ ਤੋਂ 5 ਜੂਨ ਤੱਕ ਸ਼ਹੀਦੀ ਹਫਤੇ ਦੌਰਾਨ ਰੋਜਾਨਾ ਸ਼ਾਮ 4 ਤੋਂ 6 ਵਜੇ ਤਕ ਦੀਵਾਨ ਸੱਜਿਆ ਕਰਨਗੇ। 6 ਜੂਨ ਨੂੰ 42ਵਾਂ ਮਹਾਨ ਸ਼ਹੀਦੀ ਜੋੜਮੇਲਾ ਮਨਾਇਆ ਜਾਵੇਗਾ। ਸੋ ਆਪ ਸਭ ਸੰਗਤਾਂ ਦਾ ਮੁੱਢਲਾ ਫਰਜ ਹੈ ਕਿ ਤੁਸੀਂ ਸ਼ਹੀਦਾਂ ਨੂੰ ਸਤਿਕਾਰ ਭੇਟ ਕਰਨ ਲਈ ਹੁੰਮ ਹਮਾਂ ਕੇ ਇਨਾਂ ਸਮਾਗਮਾਂ ਵਿੱਚ ਹਾਜਰੀਆਂ ਭਰੋ। ਸਮਾਗਮ ਦੇ ਅਖੀਰ ਵਿਚ ਪ੍ਰਧਾਨ ਗੁਰਚਰਨ ਸਿੰਘ, ਹੈੱਡ ਗ੍ਰੰਥੀ ਗਿਆਨੀ ਬੂਟਾ ਸਿੰਘ ਅਤੇ ਹੋਰਨਾਂ ਪ੍ਰਬੰਧਕਾਂ ਨੇ ਸੰਤ ਬਾਬਾ ਹਰਨਾਮ ਸਿੰਘ ਖਾਲਸਾ ਦੇ ਸਤਿਕਾਰ ਵਿਚ ਦਸਤਾਰ ਅਤੇ ਸਿਰੋਪਾਓ ਭੇਟ ਕੀਤਾ। ਸਮਾਗਮ ਦੌਰਾਨ ਦਮਦਮੀ ਟਕਸਾਲ ਦੇ ਹਜੂਰੀ ਰਾਗੀ ਜੱਥੇ ਨੇ ਰਸਮਈ ਕੀਰਤਨ ਸਰਵਣ ਕਰਵਾ ਕੇ ਸੰਗਤ ਨੂੰ ਨਿਹਾਲ ਕੀਤਾ, ਪੋਥੀ ਦੇ ਪਾਠ ਦੀ ਸੇਵਾ ਭਾਈ ਸਤਨਾਮ ਸਿੰਘ ਖਾਲਸਾ ਨੇ ਨਿਭਾਈ ਅਤੇ ਸਟੇਜ ਸੰਚਾਲਨ ਪ੍ਰਿੰਸੀਪਲ ਗੁਰਦੀਪ ਸਿੰਘ ਰੰਧਾਵਾ ਨੇ ਕੀਤਾ। ਇਸ ਮੌਕੇ ਦਮਦਮੀ ਟਕਸਾਲ ਦੇ ਮੁੱਖ ਬੁਲਾਰੇ ਜਥੇਦਾਰ ਸੁਖਦੇਵ ਸਿੰਘ, ਹੈੱਡ ਗ੍ਰੰਥੀ ਗਿਆਨੀ ਗੁਰਦੀਪ ਸਿੰਘ, ਜਥੇਦਾਰ ਬਾਬਾ ਅਜੀਤ ਸਿੰਘ ਮੁੱਖੀ ਤਰਨਾ ਦਲ ਮਹਿਤਾ, ਜਥੇਦਾਰ ਬਾਬਾ ਬੋਹੜ ਸਿੰਘ, ਰਣਜੀਤ ਸਿੰਘ ਬਾਰਵਾਲੇ, ਕੇਬੀ ਬੱਲ, ਜਰਨੈਲ ਸਿੰਘ, ਪਾਖਰ ਸਿੰਘ, ਉੱਧਮ ਸਿੰਘ, ਗਿਆਨੀ ਗੁਰਬਾਜ ਸਿੰਘ, ਗਿਆਨੀ ਸਾਹਿਬ ਸਿੰਘ, ਭਾਈ ਹਰਸ਼ਦੀਪ ਸਿੰਘ ਰੰਧਾਵਾ ਤੇ ਡਾ. ਅਵਤਾਰ ਸਿੰਘ ਬੁੱਟਰ (ਦੋਵੇਂ ਮੈਂਬਰ ਚੀਫ ਖਾਲਸਾ ਦੀਵਾਨ), ਭਾਈ ਜੁਝਾਰ ਸਿੰਘ, ਭਾਈ ਪ੍ਰਭਜੀਤ ਸਿੰਘ, ਭਾਈ ਸਤਨਾਮ ਸਿੰਘ, ਭਾਈ ਗੁਰਪ੍ਰੀਤ ਸਿੰਘ ਵੈਦ, ਪ੍ਰੋਫਸਰ ਗਿਆਨੀ ਜੋਬਨਜੀਤ ਸਿੰਘ, ਭਾਈ ਨਿਰਮਲ ਸਿੰਘ, ਗਿਆਨੀ ਮੋਹਣ ਸਿੰਘ, ਭਾਈ ਗੁਰਕਿਰਪਾਲ ਸਿੰਘ, ਭਾਈ ਪ੍ਰਕਾਸ਼ ਸਿੰਘ ਤੋਂ ਇਲਾਵਾ ਵੱਡੀ ਗਿਣਤੀ ਵਿਚ ਸੰਗਤਾਂ ਹਾਜ਼ਰ ਸਨ।

## ਗੁਰੂ ਸਾਹਿਬਾਨ ਤੇ ਸਿੱਖ ਯੋਧਿਆਂ ਦੇ ਕਿਰਦਾਰਾਂ ਦੀ ਫਿਲਮਾਂ ‘ਚ ਪੇਸ਼ਕਾਰੀ ਪੰਥਕ ਮਰਿਆਦਾ ਦੇ ਖਿਲਾਫ-ਸੰਤ ਗਿ.ਹਰਨਾਮ ਸਿੰਘ ਖਾਲਸਾ



ਚੌਂਕ ਮਹਿਤਾ ,29 ਮਈ ( ਬਾਬਾ ਸੁਖਵੰਤ ਸਿੰਘ ਚੰਨਣਕੇ)-ਸਿੱਖ ਕੌਮ ਦੇ ਮਹਾਨ ਨਾਇਕ ਦੇ ਜੀਵਨ ਉੱਪਰ ਬਣੀ ਪੰਜਾਬੀ ਫਿਲਮ ‘ਚੜ੍ਹਦੀ ਕਲਾ’ ਉਪਰ ਛਿੜੇ ਵਿਵਾਦ ਨੂੰ ਲੈ ਕੇ ਦਮਦਮੀ ਟਕਸਾਲ ਮੁਖੀ ਤੇ ਪ੍ਰਧਾਨ ਸੰਤ ਸਮਾਜ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਨੇ ਆਪਣਾ ਪੱਖ ਰੱਖਦੇ ਹੋਏ ਕਿਹਾ ਕਿ ਗੁਰੂ ਸਾਹਿਬਾਨ, ਸਾਹਿਬਜ਼ਾਦਿਆਂ, ਸਿੱਖ ਯੋਧਿਆਂ ਅਤੇ ਮਹਾਨ ਸ਼ਹੀਦਾਂ ਦੇ ਕਿਰਦਾਰਾਂ ਨੂੰ ਫਿਲਮਾਂ ਜਾਂ ਨਾਟਕੀ ਰੂਪ ਵਿੱਚ ਪੇਸ਼ ਕਰਨਾ ਸਿੱਖ ਪੰਥ ਦੀਆਂ ਪ੍ਰੰਪਰਾਵਾਂ ਅਤੇ ਮਰਿਆਦਾ ਦੇ ਉਲਟ ਹੈ। ਉਨ੍ਹਾਂ ਕਿਹਾ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਸਮੇਂ-ਸਮੇਂ ‘ਤੇ ਜਾਰੀ ਕੀਤੇ ਗਏ ਹੁਕਮਨਾਮਿਆਂ ਵਿੱਚ ਵੀ ਸਪੱਸ਼ਟ ਕੀਤਾ ਗਿਆ ਹੈ ਕਿ ਗੁਰੂ ਸਾਹਿਬਾਨਾਂ ਜਾਂ ਉਨ੍ਹਾਂ ਨਾਲ ਸੰਬੰਧਿਤ ਪਵਿੱਤਰ ਸ਼ਖਸੀਅਤਾਂ ਦੀ ਭੂਮਿਕਾ ਕਿਸੇ ਵੀ ਵਿਅਕਤੀ ਵੱਲੋਂ ਨਿਭਾਉਣਾ ਮਨਜ਼ੂਰ ਨਹੀਂ ਹੈ।ਉਨ੍ਹਾਂ ਕਿਹਾ ਕਿ ਸਿੱਖ ਇਤਿਹਾਸ ਬੇਮਿਸਾਲ ਸ਼ਹਾਦਤਾਂ, ਕੁਰਬਾਨੀਆਂ ਅਤੇ ਆਤਮਿਕ ਉੱਚਤਾ ਨਾਲ ਭਰਪੂਰ ਹੈ, ਜਿਸ ਨੂੰ ਸਿਰਫ ਮਨੋਰੰਜਨ ਦੇ ਸਾਧਨ ਵਜੋਂ ਪੇਸ਼ ਨਹੀਂ ਕੀਤਾ ਜਾ ਸਕਦਾ,ਪਰ ਅੱਜਕੱਲ੍ਹ ਕੁਝ ਫਿਲਮਾਂ ਅਤੇ ਵੈੱਬ ਸੀਰੀਜ਼ਾਂ ਰਾਹੀਂ ਸਿੱਖ ਯੋਧਿਆਂ ਦੇ ਜੀਵਨ ਨੂੰ ਤੋੜ-ਮਰੋੜ ਕੇ ਜਾਂ ਵਪਾਰਕ ਨਜ਼ਰੀਏ ਨਾਲ ਪੇਸ਼ ਕਰਨ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ, ਜਿਸ ਕਾਰਨ ਸੰਗਤਾਂ ਦੀਆਂ ਧਾਰਮਿਕ ਭਾਵਨਾਵਾਂ ਨੂੰ ਠੇਸ ਪਹੁੰਚਦੀ ਹੈ। ਦਮਦਮੀ ਟਕਸਾਲ ਮੁਖੀ ਨੇ ਕਿਹਾ ਕਿ ਗੁਰੂ ਸਾਹਿਬਾਨ ਅਤੇ ਸਿੱਖ ਮਹਾਂਪੁਰਖਾਂ ਦਾ ਜੀਵਨ ਸਿੱਖ ਕੌਮ ਲਈ ਅਤਿਅੰਤ ਸਤਿਕਾਰ ਅਤੇ ਆਸਥਾ ਦਾ ਵਿਸ਼ਾ ਹੈ, ਇਸ ਲਈ ਇਨ੍ਹਾਂ ਪਵਿੱਤਰ ਸ਼ਖਸੀਅਤਾਂ ਦੀ ਪੇਸ਼ਕਾਰੀ ਕਰਦੇ ਸਮੇਂ ਪੰਥਕ ਮਰਿਆਦਾ ਅਤੇ ਸਿੱਖ ਰਵਾਇਤਾਂ ਦਾ ਪੂਰਾ ਧਿਆਨ ਰੱਖਣਾ ਲਾਜ਼ਮੀ ਹੈ। ਸਿੱਖ ਇਤਿਹਾਸ ਨੂੰ ਕਿਤਾਬਾਂ, ਕਥਾ-ਕੀਰਤਨ, ਡਾਕੂਮੈਂਟਰੀਆਂ ਅਤੇ ਗੁਰਮਤਿ ਅਸੂਲਾਂ ਅਨੁਸਾਰ ਹੋਰ ਮਾਧਿਅਮਾਂ ਰਾਹੀਂ ਪ੍ਰਚਾਰਿਆ ਜਾ ਸਕਦਾ ਹੈ, ਪਰ ਗੁਰੂ ਸਾਹਿਬਾਨਾਂ ਅਤੇ ਸਿੱਖ ਯੋਧਿਆਂ ਦੇ ਕਿਰਦਾਰਾਂ ਦੀ ਅਦਾਕਾਰੀ ਕਰਨਾ ਪੰਥ ਵੱਲੋਂ ਪ੍ਰਵਾਨ ਨਹੀਂ ਕੀਤਾ ਜਾ ਸਕਦਾ ।ਉਨ੍ਹਾਂ ਸਿੱਖ ਸੰਗਤਾਂ ਨੂੰ ਅਪੀਲ ਕੀਤੀ ਕਿ ਉਹ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਹੁਕਮਨਾਮਿਆਂ ਅਤੇ ਪੰਥਕ ਮਰਿਆਦਾਵਾਂ ਦੀ ਪਾਲਣਾ ਕਰਨ ਅਤੇ ਸਿੱਖ ਇਤਿਹਾਸ ਦੀ ਮਰਿਆਦਾ ਨੂੰ ਬਰਕਰਾਰ ਰੱਖਣ ਲਈ ਜਾਗਰੂਕ ਰਹਿਣ।

### ਦਮਦਮੀ ਟਕਸਾਲ ਵਿਖੇ 42ਵੇਂ ਮਹਾਨ ਸ਼ਹੀਦੀ ਸਮਾਗਮ ਦੀਆਂ ਤਿਆਰੀਆਂ ਸਬੰਧੀ ਮੀਟਿੰਗ ਅੱਜ

## ਜਿੰਮੇਵਾਰ ਸਿੰਘਾਂ ਨੂੰ ਸੌਂਪੀਆਂ ਜਾਣਗੀਆਂ ਅਹਿਮ ਜਿੰਮੇਵਾਰੀਆਂ

ਚੌਂਕ ਮਹਿਤਾ, 28 ਮਈ (ਬਾਬਾ ਸੁਖਵੰਤ ਸਿੰਘ ਚੰਨਣਕੇ)-ਦਮਦਮੀ ਟਕਸਾਲ ਜਥਾ ਭਿੰਡਰਾਂ ਮਹਿਤਾ ਵੱਲੋਂ ਜੂਨ 1984 (ਤੀਸਰਾ ਘੱਲੂਘਾਰਾ) ਦੇ ਸਮੂਹ ਸ਼ਹੀਦਾਂ ਦੀ ਯਾਦ ਨੂੰ ਸਮਰਪਿਤ ਅੰਤਰਰਾਸ਼ਟਰੀ ਪੱਧਰ ’ਤੇ ਮਨਾਏ ਜਾ ਰਹੇ 42ਵੇਂ ਮਹਾਨ ਸ਼ਹੀਦੀ ਸਮਾਗਮ ਦੀਆਂ ਤਿਆਰੀਆਂ ਅਤੇ ਅਹਿਮ ਪ੍ਰਬੰਧਾਂ ਨੂੰ ਲੈਕੇ ਟਕਸਾਲ ਦੇ ਹੈੱਡਕੁਆਰਟਰ ਗੁਰਦੁਆਰਾ ਗੁਰਦਰਸ਼ਨ ਪ੍ਰਕਾਸ਼ ਮਹਿਤਾ ਵਿਖੇ ਸਵੇਰੇ 11:30 ਇਲਾਕੇ ਦੀਆਂ ਪ੍ਰਮੁੱਖ ਧਾਰਮਿਕ ਹਸਤੀਆਂ, ਜਿੰਮੇਵਾਰ ਸਿੰਘਾਂ, ਗੁਰਦੁਆਰਾ ਕਮੇਟੀਆਂ ਅਤੇ ਲੋਕਲ ਸੇਵਾਦਾਰਾਂ ਦੀ ਇਕ ਵਿਸ਼ੇਸ਼ ਮੀਟਿੰਗ ਬੁਲਾਈ ਗਈ ਹੈ। ਜਿਸ ਦੀ ਪ੍ਰਧਾਨਗੀ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਖੁਦ ਆਪ ਕਰਨਗੇ।

ਇਸ ਮੀਟਿੰਗ ਦੌਰਾਨ 1 ਤੋਂ 5 ਜੂਨ ਤਕ ਸ਼ਹੀਦੀ ਹਫਤੇ ਅਤੇ 6 ਜੂਨ ਦੇ ਮੁੱਖ ਤੇ ਮਹਾਨ ਸ਼ਹੀਦੀ ਸਮਾਗਮ ਨੂੰ ਚੜਦੀ ਕਲਾ ਨਾਲ ਨੇਪਰੇ ਚਾੜ੍ਹਨ ਲਈ ਜਰੂਰੀ ਪ੍ਰਬੰਧਾਂ ਦੀਆਂ ਜਿੰਮੇਵਾਰੀਆਂ ਸੌਂਪੀਆਂ ਜਾਣਗੀਆਂ। ਜਿਕਰਯੋਗ ਹੈ ਕਿ ਪਿਛਲੇ ਸਾਲਾਂ ਦੇ ਮੁਕਾਬਲੇ ਇਸ ਵਾਰ ਦੇਸ਼ਾਂ ਵਿਦੇਸ਼ਾਂ ਤੋਂ ਬਹੁਤ ਭਾਰੀ ਗਿਣਤੀ ਦੇ ਵਿੱਚ ਸੰਗਤ ਦੇ ਆਉਣ ਦਾ ਅਨੁਮਾਨ ਲਗਾਇਆ ਜਾ ਰਿਹਾ ਹੈ। ਜਿਸ ਨੂੰ ਮੁੱਖ ਰੱਖਦਿਆਂ ਸਵਾਗਤੀ ਪ੍ਰਬੰਧਾਂ, ਵਾਹਨ ਪਾਰਕਿੰਗਾਂ, ਲੰਗਰਾਂ, ਛਬੀਲਾਂ ਅਤੇ ਹੋਰਨਾਂ ਖਾਸ ਪ੍ਰਬੰਧਾਂ ਨੂੰ ਵਿਸ਼ਾਲ ਰੂਪ ਦਿੱਤਾ ਜਾਵੇਗਾ।

## ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਬੇਅਦਬੀ ਰੋਕੂ ਕਨੂੰਨ ਸਬੰਧੀ ਉਠਾਏ ਇਤਰਾਜ਼ ਜਾਇਜ਼

# ਅਸੀਂ ਪੰਥਕ ਫੈਸਲੇ ਦੇ ਨਾਲ ਖੜ੍ਹੇ ਰਹਾਂਗੇ : ਬਾਪੂ ਤਰਸੇਮ ਸਿੰਘ



**ਅੰਮ੍ਰਿਤਸਰ, 29 ਮਈ (ਆਵਾਜ਼ਿ ਕੌਮ ਬਿਊਰੋ)-** ਅਕਾਲੀ ਦਲ ਵਾਰਿਸ ਪੰਜਾਬ ਦੇ ਦੇ ਕਾਰਜਕਾਰੀ ਪ੍ਰਧਾਨ ਅਤੇ ਮੈਂਬਰ ਪਾਰਲੀਮੈਂਟ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਜੀ ਦੇ ਪਿਤਾ ਬਾਪੂ ਤਰਸੇਮ ਸਿੰਘ ਨੇ ਅੱਜ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਨੂੰ ਮਿਲ ਕੇ "ਜਾਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਬੇਅਦਬੀ ਰੋਕੂ ਕਾਨੂੰਨ" ਸਬੰਧੀ ਪਾਰਟੀ ਦਾ ਲਿਖਤੀ ਪੱਖ ਸੌਂਪਿਆ। ਬਾਪੂ ਤਰਸੇਮ ਸਿੰਘ ਜੀ ਨੇ ਕਿਹਾ ਕਿ 14 ਅਪ੍ਰੈਲ 2026 ਨੂੰ ਪੰਜਾਬ ਸਰਕਾਰ ਵੱਲੋਂ ਪਾਸ ਕੀਤੇ ਗਏ ਇਸ ਕਾਨੂੰਨ ਦੀ ਪਾਰਟੀ ਪੱਧਰ 'ਤੇ ਸਮੀਖਿਆ ਕਰਵਾਈ ਗਈ ਹੈ। ਸਮੀਖਿਆ ਦੌਰਾਨ ਇਹ ਗੱਲ ਸਾਹਮਣੇ ਆਈ ਹੈ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਅਤੇ ਸਾਡੀ ਸਿਰਮੌਰ ਸੰਸਥਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਇਸ ਕਾਨੂੰਨ ਸਬੰਧੀ ਉਠਾਏ ਗਏ ਇਤਰਾਜ਼ ਅਤੇ ਖ਼ਦਸ਼ੇ ਪੂਰੀ ਤਰ੍ਹਾਂ ਜਾਇਜ਼ ਹਨ ਅਤੇ ਇਨ੍ਹਾਂ ਨੂੰ ਦੂਰ ਕੀਤੇ ਬਿਨਾਂ ਇਹ ਕਾਨੂੰਨ ਸਿੱਖ ਪੰਥ ਦੇ ਹਿੱਤਾਂ ਦੀ ਰਾਖੀ ਕਰਨ ਵਿੱਚ ਅਸਫ਼ਲ ਰਹੇਗਾ। ਉਨ੍ਹਾਂ ਕਿਹਾ ਕਿ ਕਾਨੂੰਨ ਦੀਆਂ ਕੁਝ ਧਾਰਾਵਾਂ ਭਵਿੱਖ ਵਿੱਚ ਸਿੱਖਾਂ, ਗ੍ਰੰਥੀ ਸਿੰਘਾਂ ਅਤੇ ਗੁਰਦੁਆਰਾ ਪ੍ਰਬੰਧਕਾਂ ਖ਼ਿਲਾਫ਼ ਦੁਰਵਰਤੋਂ ਦਾ ਸਾਧਨ ਬਣ ਸਕਦੀਆਂ ਹਨ। ਕਿਸੇ ਵੀ ਨਿਰਦੋਸ਼ ਸਿੱਖ ਉੱਤੇ ਬੇਅਦਬੀ ਦਾ ਦੋਸ਼ ਲਗਾ ਕੇ ਉਸਨੂੰ ਲੰਬੇ ਸਮੇਂ ਲਈ ਕਾਨੂੰਨੀ ਪੇਚੀਦਗੀਆਂ ਵਿੱਚ ਫਸਾਇਆ ਜਾ ਸਕਦਾ ਹੈ, ਜਿਸ ਕਾਰਨ ਪੰਥ ਅੰਦਰ ਗੰਭੀਰ ਚਿੰਤਾ ਦਾ ਮਾਹੌਲ ਬਣਿਆ ਹੋਇਆ ਹੈ। ਬਾਪੂ ਤਰਸੇਮ ਸਿੰਘ ਨੇ ਕਿਹਾ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਅਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਪਹਿਲਾਂ ਸੱਦੀ ਗਈ ਇਕੱਤਰਤਾ ਦੌਰਾਨ ਅਕਾਲੀ ਦਲ ਵਾਰਿਸ ਪੰਜਾਬ ਦੇ ਨੇ ਜਿਨ੍ਹਾਂ ਮੁੱਦਿਆਂ ਅਤੇ ਖਾਮੀਆਂ ਵੱਲ ਧਿਆਨ ਦਿਵਾਇਆ ਸੀ, ਸਰਕਾਰ ਨੇ ਕਾਨੂੰਨ ਵਿੱਚ ਲਗਭਗ ਉਸੇ ਤਰ੍ਹਾਂ ਦੀਆਂ ਵਿਵਸਥਾਵਾਂ ਰੱਖ ਕੇ ਪੰਥ ਦੀਆਂ ਚਿੰਤਾਵਾਂ ਨੂੰ ਨਜ਼ਰਅੰਦਾਜ਼ ਕੀਤਾ ਹੈ। ਉਨ੍ਹਾਂ ਦੋਸ਼ ਲਗਾਇਆ ਕਿ ਕਾਨੂੰਨ ਦੇ ਕੁਝ ਪ੍ਰਬੰਧਾਂ ਰਾਹੀਂ ਪੀੜਤ ਧਿਰ ਨੂੰ ਹੀ ਸ਼ੱਕ ਦੇ ਘੇਰੇ ਵਿੱਚ ਲਿਆਉਣ ਦੀ ਕੋਸ਼ਿਸ਼ ਕੀਤੀ ਗਈ ਹੈ, ਜੋ ਸਿੱਖ ਭਾਵਨਾਵਾਂ ਦੇ ਉਲਟ ਹੈ। ਉਨ੍ਹਾਂ ਸਪੱਸ਼ਟ ਕੀਤਾ ਕਿ ਅਕਾਲੀ ਦਲ ਵਾਰਿਸ ਪੰਜਾਬ ਦੇ ਇਸ ਸੰਵੇਦਨਸ਼ੀਲ ਮਾਮਲੇ 'ਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਸਰਵਉੱਚਤਾ ਨੂੰ ਪ੍ਰਵਾਨ ਕਰਦਾ ਹੈ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਪੰਥਕ ਸਮੂਹਕਤਾ ਨਾਲ ਵਿਚਾਰ ਕਰਕੇ ਜੋ ਵੀ ਫੈਸਲਾ ਲਿਆ ਜਾਵੇਗਾ, ਪਾਰਟੀ ਉਸ ਨਾਲ ਪੂਰੀ ਤਰ੍ਹਾਂ ਸਹਿਮਤ ਹੋਵੇਗੀ ਅਤੇ ਹਰ ਪੱਧਰ 'ਤੇ ਉਸਦਾ ਸਮਰਥਨ ਕਰੇਗੀ। ਇਸ ਮੌਕੇ ਬਾਪੂ ਤਰਸੇਮ ਸਿੰਘ ਜੀ ਦੇ ਨਾਲ ਭਾਈ ਹਰਭਜਨ ਸਿੰਘ ਤੁੜ, ਭਾਈ ਪਰਮਜੀਤ ਸਿੰਘ ਜੌਹਲ ਭਾਈ ਰਛਪਾਲ ਸਿੰਘ ਸੋਸਣ, ਭਾਈ ਸ਼ਮਸ਼ੇਰ ਸਿੰਘ ਪੱਧਰੀ, ਭਾਈ ਭੁਪਿੰਦਰ ਸਿੰਘ ਗੱਦਲੀ, ਭਾਈ ਬਲਦੇਵ ਸਿੰਘ ਜੱਲੂਪੁਰ, ਭਾਈ ਸੁਖਬੀਰ ਸਿੰਘ ਚੀਮਾ, ਭਾਈ ਕੁਲਵਿੰਦਰ ਸਿੰਘ ਵਡਾਲੀ, ਭਾਈ ਗੁਰਜਿੰਦਰ ਸਿੰਘ ਅਤੇ ਪ੍ਰਗਟ ਸਿੰਘ ਮੌਜੂਦ ਸਨ।

### ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੂੰ ਸੌਂਪਿਆ ਲਿਖਤੀ ਮੰਗ ਪੱਤਰ

## ਜੰਡਿਆਲਾ ਗੁਰੂ ਵਿੱਚ ਆਪ ਦੀ ਹੂੰਝਾਫੇਰ ਜਿੱਤ

# 15 ਵਾਰਡਾਂ ਵਿੱਚੋਂ 13 ਤੇ ਆਪ ਅਤੇ 1-1 ਤੇ ਕਾਂਗਰਸ ਅਤੇ ਅਕਾਲੀ ਦਲ ਜੇਤੂ



**ਜੰਡਿਆਲਾ ਗੁਰੂ, 29 ਮਈ ( ਕੁਲਵੰਤ ਸਿੰਘ ਵਿਰਦੀ )-** ਆਮ ਆਦਮੀ ਪਾਰਟੀ ਨੇ ਜੰਡਿਆਲਾ ਗੁਰੂ ਨਗਰ ਕੌਂਸਲ ਚੋਣਾਂ ਵਿੱਚ ਹੂੰਝਾਫੇਰ ਵੱਡੀ ਜਿੱਤ ਹਾਸਲ ਕੀਤੀ।ਜੰਡਿਆਲਾ ਗੁਰੂ ਸਹਿਰ ਵਿੱਚ ਕੁੱਲ 15 ਵਾਰਡਾਂ ਹਨ ਅਤੇ ਚੋਣਾਂ ਤੋਂ ਪਹਿਲਾਂ ਹੀ ਆਮ ਆਦਮੀ ਪਾਰਟੀ ਨੇ 2 ਵਾਰਡਾਂ ਤੇ ਬਿਨਾਂ ਮੁਕਬਲਾ ਜਿਤ ਹਾਸਲ ਕਰ ਲਈ ਸੀ ਤੇ ਬਾਕੀ ਦੀਆਂ ਵਾਰਡਾਂ 13 ਵਾਰਡਾਂ ਦੇ ਮੁਕਾਬਲੇ ਵਿੱਚੋਂ ਵਾਰਡ ਨੰ. 1 ਤੋਂ ਆਪ ਉਮੀਦਵਾਰ ਸਤਿੰਦਰ ਸਿੰਘ 504 ਵੋਟਾਂ ਨਾਲ ਜੇਤੂ ,2 ਵਿੱਚ ਸ਼੍ਰੋਮਣੀ ਅਕਾਲੀ ਦਲ ਨੇ 358 ਵੋਟਾਂ ਨਾਲ ਜਿੱਤ ਹਾਸਲ ਕੀਤੀ ਜਦਕਿ ਆਪ ਨੂੰ 325 ਵੋਟਾਂ ਮਿਲੀਆਂ। ਵਾਰਡ ਨੰ. 3 ਵਿੱਚ ਆਪ ਨੇ 308 ਵੋਟਾਂ ਨਾਲ ਜਿੱਤ ਦਰਜ ਕੀਤੀ ਅਤੇ ਕਾਂਗਰਸ ਨੂੰ 133 ਅਤੇ ਬੀ.ਜੇ.ਪੀ ਨੂੰ 104 ਵੋਟਾਂ ਹਾਸਲ ਹੋਈਆ। ਵਾਰਡ ਨੰ. 4 ਵਿੱਚ ਆਪ ਨੂੰ 402 ਵੋਟਾਂ ਮਿਲੀਆਂ ਅਤੇ ਜਿੱਤ ਪ੍ਰਾਪਤ ਹੋਈ ਅਤੇ ਕਾਂਗਰਸ ਨੂੰ 257 ਵੋਟਾ ਪ੍ਰਾਪਤ ਹੋਈਆ।ਵਾਰਡ ਨੰ. 5 ਵਿੱਚ ਆਪ ਨੇ 466 ਵੋਟਾਂ ਨਾਲ ਬਾਜ਼ੀ ਮਾਰੀ, ਜਦੋਂਕਿ ਸ਼੍ਰੋਮਣੀ ਅਕਾਲੀ ਦਲ ਨੂੰ 214 ਅਤੇ ਕਾਂਗਰਸ ਨੂੰ 193 ਵੋਟਾਂ ਹਾਸਲ ਹੋਈਆ। ਵਾਰਡ ਨੰ. 7 ਵਿੱਚ ਆਪ ਨੂੰ 501 ਵੋਟਾਂ ਮਿਲੀਆਂ ਅਤੇ ਕਾਂਗਰਸ ਨੂੰ 298 ਵੋਟਾਂ ਹਾਸਲ ਹੋਈਆ।ਵਾਰਡ ਨੰ. 8 ਵਿੱਚ ਆਪ ਨੇ 661 ਵੋਟਾਂ ਨਾਲ ਵੱਡੀ ਜਿੱਤ ਹਾਸਲ ਕੀਤੀ ਅਤੇ ਕਾਂਗਰਸ ਨੂੰ 269 ਅਤੇ ਸ਼੍ਰੋਮਣੀ ਅਕਾਲੀ ਦਲ ਨੂੰ 154 ਵੋਟਾਂ ਹਾਸਲ ਹੋਈਆ।ਵਾਰਡ ਨੰ. 10 ਵਿੱਚ ਆਪ ਨੂੰ 675 ਵੋਟਾਂ ਨਾਲ ਜਿੱਤ ਹਾਸਲ ਹੋਈ ਅਤੇ ਕਾਂਗਰਸ ਨੂੰ 334 ਵੋਟਾਂ ਹਾਸਲ ਹੋਈਆ।ਵਾਰਡ ਨੰ. 11 ਵਿੱਚ ਆਪ ਨੇ 518 ਵੋਟਾਂ ਨਾਲ ਜਿੱਤ ਹਾਸਲ ਕੀਤੀ ਅਤੇ ਕਾਂਗਰਸ ਨੂੰ 378 ਵੋਟਾਂ ਹਾਸਲ ਹੋਈਆ।ਵਾਰਡ ਨੰ. 12 ਵਿੱਚ ਇੰਡੀਅਨ ਨੈਸ਼ਨਲ ਕਾਂਗਰਸ ਨੇ 557 ਵੋਟਾਂ ਨਾਲ ਜਿੱਤ ਪ੍ਰਾਪਤ ਕੀਤੀ ਜਦਕਿ ਆਪ ਨੂੰ 487 ਵੋਟਾਂ ਮਿਲੀਆਂ। ਵਾਰਡ ਨੰ. 13 ਵਿੱਚ ਆਪ ਨੇ 472 ਵੋਟਾਂ ਨਾਲ ਜਿੱਤ ਦਰਜ ਕੀਤੀ ਅਤੇ ਕਾਂਗਰਸ ਨੂੰ 355 ਵੋਟਾਂ ਹਾਸਲ ਹੋਈਆ ।ਵਾਰਡ ਨੰ. 14 ਵਿੱਚ ਆਪ ਨੂੰ 478 ਵੋਟਾਂ ਮਿਲੀਆਂ ਅਤੇ ਕਾਂਗਰਸ ਨੂੰ 377 ਵੋਟਾਂ ਹਾਸਲ ਹੋਈ। ਵਾਰਡ ਨੰ. 15 ਵਿੱਚ ਆਪ ਨੇ 525 ਵੋਟਾਂ ਨਾਲ ਜਿੱਤ ਹਾਸਲ ਕੀਤੀ ਅਤੇ ਸ਼੍ਰੋਮਣੀ ਅਕਾਲੀ ਦਲ ਨੂੰ 375 ਵੋਟਾਂ ਹਾਸਲ ਹੋਈਆ। ਕੁੱਲ ਮਿਲਾਕੇ ਆਪ ਨੇ ਵਿਕਾਸ ਦੇ ਨਾ ਤੇ ਆਪਣਾ ਦਬਦਬਾ ਬਣਾਇਆ ਅਤੇ ਸ਼੍ਰੋਮਣੀ ਅਕਾਲੀ ਦਲ ਅਤੇ ਕਾਂਗਰਸ ਨੂੰ 1-1 ਵਾਰਡਾਂ ਵਿੱਚ ਸਫਲਤਾ ਮਿਲੀ। ਜਿੱਤ ਹਾਸਲ ਕਰਨ ਤੋਂ ਬਾਅਦ ਕੈਬਨਿਟ ਮੰਤਰੀ ਸ੍ਰ ਹਰਭਜਨ ਸਿੰਘ ਈ.ਟੀ.ਓ, ਚੇਅਰਮੈਨ ਅਮਰੀਕ ਸਿੰਘ ਸੋਢੀ ,ਜਿੱਤ ਹਾਸਲ ਕਰ ਚੁੱਕੇ ਉਮੀਦਵਾਰ ਅਤੇ ਹੋਰਨਾ ਨੇ ਤਪ ਅਸਥਾਨ ਬਾਬਾ ਹੁੰਦਾਲ ਸਾਹਿਬ ਵਿਖੇ ਨਤਮਸਤਕ ਹੋਣ ਤੋਂ ਬਾਅਦ ਗੁਰਦੁਆਰਾ ਸਾਹਿਬ ਜੀ ਦੇ ਸੰਚਾਲਕ ਸੰਤ ਬਾਬਾ ਪ੍ਰਮਾਨੰਦ ਜੀ ਦਾ ਅਸੀਰਵਾਦ ਪ੍ਰਾਪਤ ਕੀਤਾ ! ਇਸ ਮੌਕੇ ਬਾਬਾ ਪ੍ਰਮਾਨੰਦ ਜੀ ਨੇ ਕੈਬਨਿਟ ਮੰਤਰੀ ਤੇ ਸਮੂਹ ਨੂੰ ਵਧਾਈ ਦਿੱਤੀ ਤੇ ਅਸੀਰਵਾਦ ਪ੍ਰਦਾਨ ਕੀਤਾ !

# ਬੀ ਜੇ ਪੀ ਆਗੂ ਨੇ ਪਰਿਵਾਰ ਨਾਲ ਕੀਤਾ ਦੁੱਖ ਦਾ ਪ੍ਰਗਟਾਵਾ : ਡੂੰਘੇ ਛੱਪੜ ਵਿਚ ਡਿੱਗਣ ਨਾਲ ਬਾਈ ਸਾਲਾ ਨੌਜਵਾਨ ਦੀ ਹੋਈ ਸੀ ਮੌਤ



**ਜੰਡਿਆਲਾ ਗੁਰੂ 29 ਮਈ ( ਕੁਲਵੰਤ ਸਿੰਘ ਵਿਰਦੀ )-** ਬੀਤੇ ਦਿਨੀ ਪਿੰਡ ਜਬੋਵਾਲ ਦੇ ਨੌਜਵਾਨ ਦਵਿੰਦਰ ਸਿੰਘ ਦੀ ਛੱਪੜ ਵਿਚ ਡੁੱਬਣ ਨਾਲ ਮੌਤ ਹੋ ਗਈ ਸੀ। ਉੱਨਾਂ ਦੇ ਗ੍ਰਹਿ ਵਿਖੇ ਪਰਿਵਾਰਕ ਮੈਂਬਰਾਂ ਨਾਲ ਗਹਿਰੇ ਦੁੱਖ ਦਾ ਪ੍ਰਗਟਾਵਾ ਕਰਦਿਆਂ ਬੀ ਜੇ ਪੀ ਦੇ ਸੀਨੀਅਰ ਆਗੂ ਡਾ. ਨਿਰਮਲ ਸਿੰਘ ਨੇ ਕਿਹਾ ਕਿ ਪਰਿਵਾਰ ਦਾ ਕਮਾਉਣ ਵਾਲਾ ਚਲਾ ਗਿਆ। ਜੋ ਕਿ ਲੜਕਾ ਕੰਮ ਕਾਰ ਕਰਨ ਵਾਲਾ ਮਿਹਨਤੀ ਵਿਅਕਤੀ ਸੀ ।ਅਤੇ ਖੇਤੀ ਮਸ਼ੀਨਰੀ ਰੀਪਰ ਆਦਿ ਚਲਾਉਣ ਅਤੇ ਹੋਰ ਕਿਸਾਨਾਂ ਦੇ ਨਾਲ ਕੰਮ ਕਰਕੇ ਆਪਣੀ ਕਮਾਈ ਕਰਦਾ ਸੀ। ਪਰਿਵਾਰ ਨੂੰ ਬਹੁਤ ਵੱਡਾ ਘਾਟਾ ਪਿਆ ਪਰਿਵਾਰ ਦਾ ਗੁਜ਼ਾਰਾ ਚਲਾਉਣ ਲਈ ਉਨਾ ਪ੍ਰਸ਼ਾਸਨ ਤੋਂ ਸਹਾਇਤਾ ਕਰਨ ਦੀ ਮੰਗ ਕੀਤੀ ਕਿ ਉਹ ਆਪਣਾ ਜੀਵਨ ਨਿਰਬਾਹ ਚਲਾ ਸਕਣ ਪਿੰਡ ਵਾਸੀਆਂ ਵੱਲੋ ਵੀ ਗਰੀਬ ਪਰਿਵਾਰ ਦੀ ਖੁੱਲ ਕੇ ਮਦਦ ਕਰਨਾ ਸ਼ਲਾਘਾ ਯੋਗ ਹੈ । ਇਸ ਮੌਕੇ ਬੀ ਜੇ ਪੀ ਦੇ ਵਾਈਸ ਪ੍ਰਧਾਨ ਜਗਰੂਪ ਸਿੰਘ ਵਡਾਲੀ , ਹਰਪ੍ਰੀਤ ਸਿੰਘ, ਕੁਲਦੀਪ ਸਿੰਘ, ਪਰਮਜੀਤ ਸਿੰਘ ਰੰਧਾਵਾ , ਸੁਖਵਿੰਦਰ ਸਿੰਘ ਆਦਿ ਹਾਜ਼ਰ ਸਨ।

# ਕਿਸਾਨ ਅੰਦੋਲਨ ਤੋਂ ਲੈ ਕੇ ਅੱਜ ਤੱਕ, ਸਿੱਖ ਕੌਮ ਦੇ ਬੁਨਿਆਦੀ ਮਸਲੇ ਜਿਉਂ ਦੇ ਤਿਉਂ: ਕਰਨੈਲ ਸਿੰਘ ਪੀਰ ਮੁਹੰਮਦ

## ਸਾਡੀ ਕੌਮ ਦੇ ਅਹਿਮ ਮਸਲੇ ਹੱਲ ਕਿਉਂ ਨਹੀਂ ਕੀਤੇ ਜਾ ਰਹੇ ? ਕੀ ਸਰਕਾਰ ਦੀ ਨੀਅਤ ਵਿੱਚ ਖੋਟ ਹੈ ਜਾਂ ਇੱਛਾ ਸ਼ਕਤੀ ਦੀ ਘਾਟ? ਪੀਰ ਮੁਹੰਮਦ

**ਨਵੀਂ ਦਿੱਲੀ, 29 ਮਈ (ਆਵਾਜ਼ਿ ਕੌਮ ਬਿਊਰੋ)-** ਸ਼੍ਰੋਮਣੀ ਅਕਾਲੀ ਦਲ (ਪੁਨਰ ਸੁਰਜੀਤ) ਦੇ ਮੁੱਖ ਬੁਲਾਰੇ ਅਤੇ ਸੀਨੀਅਰ ਮੀਤ ਪ੍ਰਧਾਨ ਭਾਈ ਕਰਨੈਲ ਸਿੰਘ ਪੀਰ ਮੁਹੰਮਦ ਨੇ ਇੱਕ ਵਿਸਥਾਰਪੂਰਵਕ ਪ੍ਰੈਸ ਬਿਆਨ ਜਾਰੀ ਕਰਦਿਆਂ ਕੇਂਦਰ ਅਤੇ ਰਾਜ ਸਰਕਾਰਾਂ ਦੀਆਂ ਨੀਤੀਆਂ 'ਤੇ ਗੰਭੀਰ ਸਵਾਲ ਖੜ੍ਹੇ ਕੀਤੇ ਹਨ। ਉਨ੍ਹਾਂ ਕਿਹਾ ਕਿ ਇਤਿਹਾਸਕ ਕਿਸਾਨ ਅੰਦੋਲਨ ਤੋਂ ਲੈ ਕੇ ਅੱਜ ਤੱਕ, ਸਿੱਖ ਕੌਮ ਦੇ ਬੁਨਿਆਦੀ ਅਤੇ ਲੰਮੇ ਸਮੇਂ ਤੋਂ ਲਟਕਦੇ ਆ ਰਹੇ ਮਸਲੇ ਅੱਜ ਵੀ ਹੱਲ ਦੀ ਬੇਸਬਰੀ ਨਾਲ ਉਡੀਕ ਕਰ ਰਹੇ ਹਨ।



ਭਾਈ ਪੀਰ ਮੁਹੰਮਦ ਨੇ ਆਖਿਆ ਕਿ ਜਦੋਂ ਅਸੀਂ ਪੰਜਾਬ ਦੇ ਪਾਣੀਆਂ ਦੇ ਹੱਕਾਂ, ਰਾਜਧਾਨੀ ਚੰਡੀਗੜ੍ਹ 'ਤੇ ਪੰਜਾਬ ਦੇ ਪੂਰਨ ਅਧਿਕਾਰ, ਭਾਰਤੀ ਫੌਜ ਵਿੱਚ ਸਿੱਖਾਂ ਦੇ ਇਤਿਹਾਸਕ ਕੋਟੇ ਵਿੱਚ ਕੀਤੀ ਗਈ ਕਟੌਤੀ ਅਤੇ ਦੇਸ਼ ਅੰਦਰ ਘੱਟ ਗਿਣਤੀਆਂ ਦੇ ਅਧਿਕਾਰਾਂ ਦੀ ਗੱਲ ਕਰਦੇ ਹਾਂ, ਤਾਂ ਇਹ ਸਿਰਫ਼ ਸਿਆਸੀ ਸਵਾਲ ਨਹੀਂ ਹਨ। ਇਹ ਸਾਰੇ ਪਹਿਲੂ ਸਿੱਖ ਕੌਮ ਅਤੇ ਪੰਜਾਬ ਦੀ ਹੋਂਦ, ਅਣਖ ਅਤੇ ਸੁਨਹਿਰੀ ਭਵਿੱਖ ਨਾਲ ਸਿੱਧੇ ਤੌਰ 'ਤੇ ਜੁੜੇ ਹੋਏ ਅਹਿਮ ਪਹਿਲੂ ਹਨ। ਇਨ੍ਹਾਂ ਸੰਵੇਦਨਸ਼ੀਲ ਮੁੱਦਿਆਂ ਨੂੰ ਨਜ਼ਰਅੰਦਾਜ਼ ਕਰਨਾ ਪੰਜਾਬ ਅਤੇ ਸਿੱਖ ਕੌਮ ਨਾਲ ਸਰਾਸਰ ਬੇਇਨਸਾਫ਼ੀ ਹੈ। ਉਨ੍ਹਾਂ ਸਰਕਾਰ ਨੂੰ ਕਰੜੇ ਹੱਥੀਂ ਲੈਂਦਿਆਂ ਸਵਾਲ ਕੀਤਾ ਕਿ ਆਖਰ ਸਾਡੀ ਕੌਮ ਦੇ ਇਹ ਵਾਜਬ ਮਸਲੇ ਹੱਲ ਕਿਉਂ ਨਹੀਂ ਕੀਤੇ ਜਾ ਰਹੇ ? ਕੀ ਇਸ ਪਿੱਛੇ ਸਰਕਾਰ ਦੀ ਨੀਤੀ ਵਿੱਚ ਕੋਈ ਵੱਡੀ ਖੋਟ ਹੈ ਜਾਂ ਫਿਰ ਸਰਕਾਰ ਕੋਲ ਇਨ੍ਹਾਂ ਮਸਲਿਆਂ ਨੂੰ ਸੁਲਝਾਉਣ ਲਈ ਲੋੜੀਂਦੀ ਇੱਛਾ ਸ਼ਕਤੀ ਦੀ ਘਾਟ ਹੈ ? ਉਨ੍ਹਾਂ ਕਿਹਾ ਕਿ ਲੋਕਤੰਤਰ ਵਿੱਚ ਹਰ ਮਸਲੇ ਦਾ ਹੱਲ ਗੱਲਬਾਤ ਰਾਹੀਂ ਸੰਭਵ ਹੈ, ਪਰ ਸਰਕਾਰਾਂ ਵੱਲੋਂ ਦਿਖਾਈ ਜਾ ਰਹੀ ਬੇਰੁਖੀ ਕਈ ਤਰ੍ਹਾਂ ਦੇ ਸ਼ੰਕੇ ਪੈਦਾ ਕਰਦੀ ਹੈ। ਸ਼੍ਰੋਮਣੀ ਅਕਾਲੀ ਦਲ (ਪੁਨਰ ਸੁਰਜੀਤ) ਦੇ ਸੀਨੀਅਰ ਆਗੂ ਨੇ ਜ਼ੋਰ ਦੇ ਕੇ ਆਖਿਆ ਕਿ ਦੇਸ਼ ਦੇ ਅੰਨ ਭੰਡਾਰ ਨੂੰ ਭਰਨ ਅਤੇ ਸਰਹੱਦਾਂ ਦੀ ਰਾਖੀ ਲਈ ਸਭ ਤੋਂ ਵੱਡੀਆਂ ਕੁਰਬਾਨੀਆਂ ਦੇਣ ਵਾਲੀ ਕੌਮ ਅੱਜ ਆਪਣੇ ਹੀ ਹੱਕਾਂ ਲਈ ਸੜਕਾਂ 'ਤੇ ਬੈਠਣ ਲਈ ਮਜਬੂਰ ਹੈ। ਬੰਦੀ ਸਿੰਘਾਂ ਦੀ ਰਿਹਾਈ ਦਾ ਮੁੱਦਾ ਹੋਵੇ ਜਾਂ ਪੰਜਾਬ ਦੇ ਭੂਗੋਲਿਕ ਤੇ ਆਰਥਿਕ ਅਧਿਕਾਰ, ਹਰ ਜਗ੍ਹਾ ਸਿੱਖ ਕੌਮ ਨੂੰ ਨਿਰਾਸ਼ਾ ਹੀ ਹੱਥ ਲੱਗੀ ਹੈ। ਬਿਆਨ ਦੇ ਅਖੀਰ ਵਿੱਚ ਭਾਈ ਕਰਨੈਲ ਸਿੰਘ ਪੀਰ ਮੁਹੰਮਦ ਨੇ ਸਰਕਾਰ ਨੂੰ ਸਖਤ ਲਹਿਜੇ ਵਿੱਚ ਅਪੀਲ ਕੀਤੀ ਕਿ ਉਹ ਟਾਲ-ਮਟੋਲ ਦੀ ਨੀਤੀ ਤਿਆਗ ਕੇ, ਤੁਰੰਤ ਇੱਕ ਉਸਾਰੂ ਅਤੇ ਸੁਹਿਰਦ ਗੱਲਬਾਤ ਦਾ ਰਾਹ ਇਖਤਿਆਰ ਕਰੇ। ਸਰਕਾਰ ਨੂੰ ਚਾਹੀਦਾ ਹੈ ਕਿ ਉਹ ਸਿੱਖ ਕੌਮ ਅਤੇ ਪੰਜਾਬ ਦੇ ਨੁਮਾਇੰਦਿਆਂ ਨਾਲ ਬੈਠ ਕੇ ਇਨ੍ਹਾਂ ਸਾਰੇ ਮਸਲਿਆਂ ਦਾ ਇੱਕ ਸਾਰਥਕ ਅਤੇ ਪੱਕਾ ਨਿਚੋੜ ਕੱਢੇ, ਤਾਂ ਜੋ ਖੇਤਰ ਵਿੱਚ ਅਮਨ, ਸ਼ਾਂਤੀ ਅਤੇ ਨਿਆਂ ਦੀ ਬਹਾਲੀ ਹੋ ਸਕੇ। ਉਨ੍ਹਾਂ ਸਪੱਸ਼ਟ ਕੀਤਾ ਕਿ ਜਿੰਨਾ ਚਿਰ ਇਹ ਬੁਨਿਆਦੀ ਮਸਲੇ ਹੱਲ ਨਹੀਂ ਹੁੰਦੇ, ਉਦੋਂ ਤੱਕ ਕੌਮ ਦੇ ਅੰਦਰ ਪੈਦਾ ਹੋਇਆ ਰੋਸ ਬਰਕਰਾਰ ਰਹੇਗਾ।

# ਲੈਂਡ ਮੋਰਗੇਜ ਬੈਂਕ ਦੀ ਧੱਕੇਸ਼ਾਹੀ ਦਾ ਸ਼ਿਕਾਰ ਹੋਏ ਕਿਸਾਨਾਂ ਨੂੰ ਇਨਸਾਫ ਦਿਵਾਉਣ ਲਈ ਇੱਕ ਜੂਨ ਨੂੰ ਰਜਿਸਟਰਾਰ ਸਹਿਕਾਰੀ ਸਭਾਵਾਂ ਪੰਜਾਬ ਦੇ ਦਫਤਰ ਚੰਡੀਗੜ੍ਹ ਵੱਲ ਗੁਰਦੁਆਰਾ ਅੰਬ ਸਾਹਿਬ ਵਿਖੇ ਇਕੱਠੇ ਹੋਣ ਉਪਰੰਤ ਬੀਕੇਯੂ ਏਕਤਾਂ ਸਿੱਧੂਪੁਰ ਵੱਲੋਂ ਕੀਤਾ ਜਾਵੇਗਾ ਮਾਰਚ


**ਤਰਨ ਤਾਰਨ, ਫਰੀਦਕੋਟ, 29 ਮਈ (ਆਵਾਜ਼ਿ ਕੌਮ ਬਿਊਰੋ)-** ਫਰੀਦਕੋਟ ਵਿਖੇ ਲੈਂਡ ਮੌਰਗੇਜ ਬੈਂਕ ਦੀ ਧੱਕੇਸ਼ਾਹੀ ਦਾ ਸ਼ਿਕਾਰ ਹੋ ਕੇ ਖੁਦਕੁਸ਼ੀ ਕਰਨ ਵਾਲੇ ਪਿੰਡ ਹਰੀ ਨੌ ਦੇ ਸਕੇ ਭਰਾਵਾਂ ਅਤੇ ਬੈਂਕ ਵੱਲੋਂ ਕੀਤੀ ਗਈ ਧੋਖਾਧੜੀ ਦੇ ਸ਼ਿਕਾਰ ਕਿਸਾਨਾਂ ਨੂੰ ਇਨਸਾਫ ਦਿਵਾਉਣ ਲਈ ਬੈਂਕ ਅੱਗੇ ਚੱਲੇ ਮੋਰਚੇ ਵਿੱਚ ਬੀਕੇਯੂ ਏਕਤਾ ਸਿੱਧੂਪੁਰ ਦੀ ਵਧਵੀਂ ਮੀਟਿੰਗ ਹੋਈ ਮੀਟਿੰਗ ਉਪਰੰਤ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਹੋਇਆਂ ਸ. ਜਗਜੀਤ ਸਿੰਘ ਡੱਲੇਵਾਲ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਸੱਤਾ ਵਿੱਚੋਂ ਆਉਣ ਸਾਰ ਕਿਸਾਨਾਂ ਨਾਲ ਵਾਅਦਾ ਕੀਤਾ ਗਿਆ ਸੀ ਕਿ ਉਹ ਦੂਸਰੀਆਂ ਪ੍ਰਾਈਵੇਟ ਬੈਂਕਾਂ ਦੀ ਤਰਜ ਉੱਪਰ ਹੀ ਲੈਂਡ ਮੋਰਗੇਜ ਬੈਂਕ ਵੱਲੋਂ ਕਿਸਾਨਾਂ ਨਾਲ ਵਨ ਟਾਈਮ ਸੈਟਲਮੈਂਟ ਸਕੀਮ ਲਿਆ ਕੇ ਕਿਸਾਨਾਂ ਦੇ ਕਰਜੇ ਦਾ ਨਿਪਟਾਰਾ ਕਰਨਗੇ ਪ੍ਰੰਤੂ ਸੱਤਾ ਵਿੱਚ ਆਇਆ ਸਾਢੇ ਚਾਰ ਸਾਲ ਬੀਤ ਜਾਣ ਤੋਂ ਬਾਅਦ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਵਾਅਦਾ ਖਿਲਾਫੀ ਕਰਦੇ ਹੋਏ ਕਿਸਾਨਾਂ ਦੇ ਕਰਜ ਦਾ ਨਿਪਟਾਰਾ ਕਰਨ ਦੀ ਬਜਾਏ ਕਿਸਾਨਾਂ ਦੀਆਂ ਜਮੀਨਾਂ ਕੁਰਕ ਕਰਨ ਲਈ ਲੈਂਡ ਮੋਰਗੇਜ ਬੈਂਕ ਦੇ ਅਧਿਕਾਰੀਆਂ ਨੂੰ ਹੁਕਮ ਦਿੱਤੇ ਗਏ ਹਨ, ਜਿਸ ਤੋਂ ਬਾਅਦ ਹੀ ਲੈਂਡ ਮੋਰਗੇਜ ਬੈਂਕ ਦੀ ਧੱਕੇਸ਼ਾਹੀ ਦਾ ਸ਼ਿਕਾਰ ਹੋ ਕੇ ਪਿੰਡ ਹਰੀ ਨੌ ਦੇ ਦੋ ਸਕੇ ਭਰਾਵਾਂ ਨੂੰ ਖੁਦਕੁਸ਼ੀ ਕਰਨ ਲਈ ਮਜਬੂਰ ਹੋਣਾ ਪਿਆ ਅਤੇ ਬੈਂਕ ਦੀ ਧੱਕੇਸ਼ਾਹੀ ਦਾ ਸ਼ਿਕਾਰ ਹੋ ਕੇ ਖੁਦਕੁਸ਼ੀ ਕਰਨ ਵਾਲੇ ਉਹਨਾਂ ਸਕੇ ਭਰਾਵਾਂ ਨੂੰ ਇਨਸਾਫ਼ ਦਿਵਾਉਣ ਲਈ 30 ਮਾਰਚ ਤੋਂ ਲੈਂਡ ਮੋਰਗੇਜ ਬੈਂਕ ਫਰੀਦਕੋਟ ਅੱਗੇ ਜੱਥੇਬੰਦੀ ਵੱਲੋ ਲਗਾਤਾਰ ਦਿਨ ਰਾਤ ਧਰਨਾ ਚੱਲ ਰਿਹਾ ਹੈ ਪਰ ਆਪਣੇ ਆਪ ਨੂੰ ਕਿਸਾਨ ਦਾ ਪੁੱਤ ਆਖਣ ਵਾਲੇ ਮੁੱਖ ਮੰਤਰੀ ਵੱਲੋਂ ਸਰਕਾਰ ਦੀਆਂ ਕਿਸਾਨ ਮਾਰੂ ਨੀਤੀਆਂ ਕਾਰਨ ਖੁਦਕੁਸ਼ੀ ਕਰਨ ਵਾਲੇ ਕਿਸਾਨਾਂ ਨੂੰ ਇੰਨਾ ਸਮਾਂ ਬੀਤ ਜਾਣ ਤੋਂ ਬਾਅਦ ਵੀ ਇਨਸਾਫ ਨਹੀਂ ਦਿੱਤਾ ਜਾ ਰਿਹਾ ਪਰ ਦੇਸ਼ ਦੇ ਕਰੋੜਾਂ ਲੋਕਾਂ ਦਾ ਢਿੱਡ ਭਰਨ ਵਾਲੇ ਕਿਸਾਨਾਂ ਨੂੰ ਇਨਸਾਫ ਦੇਣ ਦੀ ਬਜਾਏ ਮੁੱਖ ਮੰਤਰੀ ਵੱਲੋਂ ਆਪਣੇ ਭ੍ਰਿਸ਼ਟ ਅਫਸਰਾਂ ਨੂੰ ਬਚਾਉਣ ਲਈ ਹੀ ਹਰ ਇੱਕ ਹਥਕੰਡਾ ਵਰਤਿਆ ਜਾ ਰਿਹਾ।

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ । ਵਾਹਿਗੁਰੂ ਜੀ ਕੀ ਫਤਿਹ ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



# ਮਹਾਨ ਗੁਰਮਤਿ ਸਮਾਗਮ

☛ ਜੋੜ ਮੇਲਾ ਪਾ: ਛੇਂਵੀ ਪਿੰਡ ਸੁਰਸਿੰਘ (ਅੰਮ੍ਰਿਤਸਰ) ☛ ਬਰਸੀ ਬਾਬਾ ਖੜਕ ਸਿੰਘ ਜੀ ਬੀੜ ਬਾਬਾ ਬੁੱਢਾ ਸਾਹਿਬ ਜੀ ਅੰਮ੍ਰਿਤਸਰ

☛ ਇਤਿਹਾਸ ਸ਼੍ਰੀ ਹੇਮਕੁੰਟ ਸਾਹਿਬ ਜੀ ਨੂੰ ਸਮਰਪਿਤ ਗੁਰਮਿਤ ਸਮਾਗਮ ਕਰਵਾਏ ਜਾ ਰਹੇ ਹਨ।

• ਸ਼ੁੱਕਰਵਾਰ 29 ਮਈ ਸ਼ਾਮ 5 ਤੋ 8 ਵਜੇ ਤੱਕ ਦੀਵਾਨ ਸੱਜਣਗੇ । • ਸ਼ਨਿੱਚਰਵਾਰ 30 ਮਈ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸੱਜਣਗੇ।

ਐਤਵਾਰ 31 ਮਈ 2026 ਨੂੰ 6:30 ਵਜੇ ਸਵੇਰੇ ਚੋਪੈਹਿਰੇ ਸਾਹਿਬ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 10:00 ਵਜੇ ਭੋਗ ਪੈਣ ਉਪਰੰਤ 12:30 ਵਜੇ ਤੱਕ ਦੀਵਾਨ ਸਜਣਗੇ।

ਕਥਾ ਵਾਚਕ ਗਿਆਨੀ ਯੋਧਾ ਸਿੰਘ ਦਮਦਮੀ ਟਕਸਾਲ ਵਾਲੇ ਕਥਾ ਰਾਹੀਂ ਗੁਰਬਾਣੀ ਗੁਰ ਇਤਿਹਾਸ ਸਿੱਖ ਇਤਿਹਾਸ ਨਾਲ ਸਿੱਖ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**

**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-

ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778

ਭਾਈ ਬਲਰਾਮ ਸਿੰਘ +393885751594

ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

ਸ਼ੇਅਰ ਜ਼ਰੂਰ ਕਰੋ ਜੀ। ☛ਸਿੱਖ ਸੰਗਤਾਂ ਦੇ ਚਰਨਾਂ 'ਚ ਬੇਨਤੀ ਹੈ ਕਿ ਹੁੰਮ-ਹੁੰਮਾ ਕੇ ਪੁੱਜਣ ਦੀ ਕ੍ਰਿਪਾਲਤਾ ਕਰਨੀ ਜੀ।

**Gurdwara Sahib Shaeed Baba Deep Singh ji Damdami Taksaal**

Via Giacomo Matteotti 3Cap
26020Casalmorano Cremona (IT)

E-mail : gur.damdamitaksaalitaly@gmail.com

Call+393475711755 / 3208124778




ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243